ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 10 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੫ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## Punjab Regular DGP Appointment ਨਾ ਲਾਉਣ ਦਾ ਮਾਮਲਾ ਪਹੁੰਚਿਆ ਹਾਈਕੋਰਟ; 1 ਅਕਤੂਬਰ ਤੱਕ ਮਾਨ ਸਰਕਾਰ ਨੂੰ ਹਲਫਨਾਮਾ ਦਾਖਲ ਕਰਨ ਦੇ ਆਦੇਸ਼

**ਚੰਡੀਗੜ੍ਹ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਚਾਰ ਸਾਲਾਂ ਤੋਂ ਪੰਜਾਬ ਪੁਲਿਸ ਦੇ ਮੁਖੀ ਦੇ ਅਹੁਦੇ ’ਤੇ ਨਿਯਮਤ ਨਿਯੁਕਤੀ ਨਾ ਹੋਣ ਦਾ ਮਾਮਲਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪਹੁੰਚ ਗਿਆ ਹੈ। ਜਨਹਿੱਤ ਪਟੀਸ਼ਨ ’ਤੇ ਸੁਣਵਾਈ ਕਰਦੇ ਹੋਏ, ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਇਸ ਸਬੰਧ ਵਿੱਚ ਹਲਫ਼ਨਾਮਾ ਦਾਇਰ ਕਰਨ ਲਈ ਕਿਹਾ ਹੈ। ਅਦਾਲਤ ਨੇ ਅਗਲੀ ਸੁਣਵਾਈ ਲਈ 1 ਅਕਤੂਬਰ, 2026 ਦੀ ਤਰੀਕ ਨਿਰਧਾਰਤ ਕੀਤੀ ਹੈ। ਦੱਸ ਦਈਏ ਕਿ ਐਡਵੋਕੇਟ ਨਿਖਿਲ ਥੰਮਨ ਦੁਆਰਾ ਦਾਇਰ ਜਨਹਿੱਤ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਵਿੱਚ ਡਾਇਰੈਕਟਰ ਜਨਰਲ ਆਫ਼ ਪੁਲਿਸ (ਪੁਲਿਸ ਫੋਰਸ ਦੇ ਮੁਖੀ) ਦਾ ਸਿਖਰਲਾ ਅਹੁਦਾ ਲੰਬੇ ਸਮੇਂ ਤੋਂ ਵਾਧੂ ਚਾਰਜ ਦੇ ਆਧਾਰ ’ਤੇ ਰੱਖਿਆ ਗਿਆ ਹੈ। ਪਟੀਸ਼ਨ ’ਚ ਇਸ ਨੂੰ ਸੰਸਥਾਗਤ ਮੁੱਦਾ ਨਾਲ ਗੰਭੀਰ ਵਿਸ਼ਾ ਦੱਸਦੇ ਹੋਏ ਇੱਕ ਨਿਯਮਤ ਡੀਜੀਪੀ ਦੀ ਨਿਯੁਕਤੀ ਦੀ ਮੰਗ ਕੀਤੀ ਗਈ ਹੈ। ਪਟੀਸ਼ਨਕਰਤਾ ਦਾ ਤਰਕ ਹੈ ਕਿ ਕਿਸੇ ਅਧਿਕਾਰੀ ਨੂੰ ਪੁਲਿਸ ਫੋਰਸ ਦੇ ਮੁਖੀ ਵਜੋਂ ਲੰਬੇ ਸਮੇਂ ਲਈ ਬਰਕਰਾਰ ਰੱਖਣਾ, ਸਿਰਫ਼ ਉਸਨੂੰ ਵਾਧੂ ਚਾਰਜ ਦੇ ਕੇ, ਉਸਦੀ ਆਜ਼ਾਦੀ ਅਤੇ ਸੰਸਥਾਗਤ ਸੁਰੱਖਿਆ ਬਾਰੇ ਸਵਾਲ ਖੜ੍ਹੇ ਕਰਦਾ ਹੈ। ਨਿਯਮਤ ਨਿਯੁਕਤੀਆਂ ਦੇ ਨਾਲ ਆਉਣ ਵਾਲਾ ਨਿਸ਼ਚਿਤ ਕਾਰਜਕਾਲ ਅਤੇ ਸੰਸਥਾਗਤ ਸਥਿਰਤਾ ਪੁਲਿਸ ਲੀਡਰਸ਼ਿਪ ਲਈ ਜ਼ਰੂਰੀ ਹੈ। ਇਸ ਨਾਲ ਕਾਨੂੰਨ ਵਿਵਸਥਾ ਵਿੱਚ ਜਨਤਾ ਦਾ ਵਿਸ਼ਵਾਸ ਵੀ ਮਜ਼ਬੂਤ ਹੁੰਦਾ ਹੈ।

## ਡਾ. ਅੰਬੇਦਕਰ ਦੀ ਮੂਰਤੀ ਦੇ ਅਪਮਾਨ ਨੂੰ ਲੈ ਕੇ ਰੋਹ ਭੜਕਿਆ

# ਅੱਜ ਦੇ ਪੰਜਾਬ ਦੇ ਕਈ ਜ਼ਿਲ੍ਹਿਆਂ ’ਚ ਬੰਦ

**ਲੁਧਿਆਣਾ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਦਕਰ ਦੀ ਮੂਰਤੀ ਦੇ ਅਪਮਾਨ ਨੂੰ ਲੈ ਕੇ ਵਾਲਮੀਕੀ ਭਾਈਚਾਰੇ ’ਚ ਰੋਹ ਭੜਕ ਗਿਆ ਹੈ, ਜਿਸ ਦੇ ਮੱਦੇਨਜ਼ਰ ਲੁਧਿਆਣਾ ਵਿੱਚ ਦਿੱਲੀ-ਅੰਮ੍ਰਿਤਸਰ ਨੈਸ਼ਨਲ ਹਾਈਵੇਅ ਜਾਮ ਕਰ ਦਿੱਤਾ ਗਿਆ ਹੈ। ਨਤੀਜੇ ਵੱਜੋਂ ਕਈ ਕਿਲੋਮੀਟਰ ਤੱਕ ਵਾਹਨਾਂ ਦੀਆਂ ਲਾਈਨਾਂ ਲੱਗ ਗਈਆਂ ਹਨ ਅਤੇ ਯਾਤਰੀ ਖੱਜਲ ਹੋ ਰਹੇ ਹਨ। ਦੱਸ ਦਈਏ ਕਿ ਬੀਤੇ ਦਿਨ ਸ਼ਰਾਰਤੀ ਅਨਸਰਾਂ ਵੱਲੋਂ ਦਿਨ-ਦਿਹਾੜੇ ਡਾ. ਅੰਬੇਦਕਰ ਦੀ ਮੂਰਤੀ ’ਤੇ ਜੁੱਤੀਆਂ ਦਾ ਹਾਰ ਪਾ ਦਿੱਤਾ ਸੀ, ਜਿਸ ਕਾਰਨ ਵਾਲਮੀਕੀ ਭਾਈਚਾਰੇ ਵੱਲੋਂ ਲੁਧਿਆਣਾ ’ਚ ਬੰਦ ਦਾ ਐਲਾਨ ਕੀਤਾ ਗਿਆ ਸੀ। ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਭਾਈਚਾਰੇ ਵੱਲੋਂ ਲਗਾਤਾਰ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਭਾਈਚਾਰੇ ਵੱਲੋਂ ਲੁਧਿਆਣਾ ਦੇ ਜਲੰਧਰ ਬਾਈਪਾਸ ਚੌਕ ਨੇੜੇ ਜਾਮ



ਲਾਇਆ ਹੋਇਆ ਸੀ, ਜਿਸ ਕਾਰਨ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ, ਅੰਬਾਲਾ, ਕਰਨਾਲ ਅਤੇ ਪਾਣੀਪਤ ਜਾਣ ਵਾਲੇ ਯਾਤਰੀਆਂ ਨੂੰ ਪਰੇਸ਼ਾਨੀ ਹੋ ਰਹੀ ਹੈ। ਟ੍ਰੈਫਿਕ ਜਾਮ ਦੇ ਕਾਰਨ, ਦੁਪਹਿਰ ਦੇ ਸਮੇਂ ਸਕੂਲ ਬੱਸਾਂ ਵੀ ਫਸ ਸਕਦੀਆਂ ਹਨ, ਜਿਸ ਨਾਲ ਬੱਚਿਆਂ ਨੂੰ ਮੁਸ਼ਕਲ ਆ ਸਕਦੀ ਹੈ। ਟ੍ਰੈਫਿਕ ਜਾਮ ਦਾ ਸਾਹਮਣਾ ਕਰਦੇ ਹੋਏ ਲੋਕ ਘਰ ਵਾਪਸ ਜਾਣ ਲਈ ਸੜਕ ਦੇ ਡਿਵਾਈਡਰ ਨੂੰ ਪਾਰ ਕਰਦੇ ਹੋਏ ਅੱਧੇ ਰਸਤੇ ਤੋਂ ਪਿੱਛੇ ਮੁੜ ਰਹੇ ਹਨ। ਭਾਈਚਾਰੇ ਨੇ ’ਲੁਧਿਆਣਾ ਬੰਦ’ (ਬੰਦ) ਦਾ ਵੀ ਸੱਦਾ ਦਿੱਤਾ ਹੈ। ਹਾਲਾਂਕਿ ਸ਼ਹਿਰ ਦੇ ਬਾਜ਼ਾਰ ਸ਼ੁਰੂ ਵਿੱਚ ਖੁੱਲ੍ਹੇ ਰਹੇ, ਪਰ ਹੁਣ ਪ੍ਰਦਰਸ਼ਨਕਾਰੀ ਦੁਕਾਨਾਂ ਨੂੰ ਬੰਦ ਕਰਨ ਲਈ ਪਹੁੰਚੇ ਸਨ। ਇਸ ਦੌਰਾਨ ਮਿਲੀ ਸੂਚਨਾ ਅਨੁਸਾਰ ਅੱਜ ਜਲੰਧਰ ਸਮੇਤ ਪੰਜਾਬ ਦੇ ਕਈ ਜ਼ਿਲ੍ਹਿਆਂ ’ਚ ਬੰਦ ਦਾ ਐਲਾਨਕੀਤਾ ਗਿਆ ਹੈ।

## ਨੇਪਾਲ ਮਗਰੋਂ ਭਾਰਤ ’ਚ ਵੀ ਪਈ ਹੜ੍ਹਾਂ ਦੀ ਮਾਰ ! ਪਾਣੀ ’ਚ ਡੁੱਬੇ 14 ਜ਼ਿਲ੍ਹੇ

**ਨਵੀਂ ਦਿੱਲੀ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-26 ਅਗਸਤ ਨੂੰ ਨੇਪਾਲ ’ਚ ਆਏ ਭਿਆਨਕ ਹੜ੍ਹਾਂ ’ਚ ਹੁਣ ਤੱਕ 1300 ਤੋਂ ਵੱਧ ਲੋਕ ਜਾਨ ਗੁਆ ਚੁੱਕੇ ਹਨ, ਜਦਕਿ ਹਜ਼ਾਰਾਂ ਲੋਕ ਲਾਪਤਾ ਹਨ, ਜਿਨ੍ਹਾਂ ਦੀ ਭਾਲ ਜਾਰੀ ਹੈ। ਇਸੇ ਦੌਰਾਨ ਪਿਛਲੇ 4-5 ਦਿਨਾਂ ਤੋਂ ਬਿਹਾਰ ’ਚ ਹੋ ਰਹੀ ਭਾਰੀ ਬਾਰਿਸ਼ ਅਤੇ ਨੇਪਾਲ ਦੇ ਪਹਾੜੀ ਇਲਾਕਿਆਂ ’ਚ ਪਏ ਮੀਂਹ ਕਾਰਨ ਬਿਹਾਰ ਦੇ 14 ਜ਼ਿਲ੍ਹਿਆਂ ਵਿੱਚ ਹੜ੍ਹਾਂ ਵਰਗੀ ਗੰਭੀਰ ਸਥਿਤੀ ਪੈਦਾ ਹੋ ਗਈ ਹੈ। ਆਫ਼ਤ ਪ੍ਰਬੰਧਨ ਵਿਭਾਗ ਮੁਤਾਬਕ ਸੂਬੇ ’ਚ 40.21 ਲੱਖ ਤੋਂ ਵੱਧ ਲੋਕ ਹੜ੍ਹਾਂ ਦੀ ਮਾਰ ਹੇਠ ਹਨ। ਸੂਬੇ ਦੇ 14 ਜ਼ਿਲ੍ਹਿਆਂ- ਪਟਨਾ, ਭੋਜਪੁਰ, ਸਾਰਣ, ਵੈਸ਼ਾਲੀ, ਭਾਗਲਪੁਰ, ਬੇਗੂਸਰਾਏ, ਬਕਸਰ, ਸਮਸਤੀਪੁਰ, ਮੁੰਗੇਰ, ਕਟਿਹਾਰ, ਲਖੀਸਰਾਏ, ਖਗੜੀਆ, ਪੂਰਨੀਆ ਅਤੇ ਅਰਵਲ ਦੇ 84 ਬਲਾਕਾਂ ਦੀਆਂ 514 ਪੰਚਾਇਤਾਂ ਹੜ੍ਹ ਦੀ ਲਪੇਟ ’ਚ ਹਨ। ਭਾਗਲਪੁਰ ਦੇ ਸੁਲਤਾਨਗੰਜ ’ਚ ਗੰਗਾ ਦਾ ਜਲ ਪੱਧਰ 36.78 ਮੀਟਰ ’ਤੇ ਪਹੁੰਚ ਗਿਆ ਹੈ, ਜਿਸ ਨੇ ਅਗਸਤ 2021 ਦੇ 36.75 ਮੀਟਰ ਦੇ ਸਭ ਤੋਂ ਉੱਚੇ ਰਿਕਾਰਡ ਨੂੰ ਵੀ ਤੋੜ ਦਿੱਤਾ ਹੈ। ਗੰਡਕ, ਕੋਸੀ, ਬੂੜ੍ਹੀ ਗੰਡਕ, ਪੁਨਪੁਨ, ਬਾਗਮਤੀ ਅਤੇ ਘਾਘਰਾ ਨਦੀਆਂ ਵੀ ਕਈ ਥਾਵਾਂ ’ਤੇ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਗ ਰਹੀਆਂ ਹਨ। ਕੋਸੀ ਬੈਰਾਜ ਤੋਂ 1.48 ਲੱਖ ਕਿਊਸਿਕ, ਗੰਡਕ ਤੋਂ 86,000 ਕਿਊਸਿਕ ਅਤੇ ਇੰਦਰਪੁਰੀ ਬੈਰਾਜ (ਸੋਨ ਨਦੀ) ਤੋਂ 80,785 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਕਾਰਨ ਹਾਲਾਤ ਹੋਰ ਭਿਆਨਕ ਬਣ ਸਕਦੇ ਹਨ। ਰਾਹਤ ਕਾਰਜਾਂ ਲਈ SDRF ਦੀਆਂ 27 ਅਤੇ NDRF ਦੀਆਂ 10 ਟੀਮਾਂ ਨੂੰ ਮੈਦਾਨ ’ਚ ਉਤਾਰਿਆ ਗਿਆ ਹੈ, ਤਾਂ ਜੋ ਹੜ੍ਹ ਪ੍ਰਭਾਵਿਤ ਇਲਾਕਿਆਂ ’ਚ ਫ਼ਸੇ ਲੋਕਾਂ ਨੂੰ ਰੈਸਕਿਊ ਕੀਤਾ ਜਾਵੇ ਤੇ ਜਾਨੀ ਨੁਕਸਾਨ ਤੋਂ ਬਚਾਅ ਕੀਤਾ ਜਾ ਸਕੇ। ਇਸ ਤੋਂ ਇਲਾਵਾ ਹੜ੍ਹ ਪ੍ਰਭਾਵਿਤ ਲੋਕਾਂ ਲਈ 723 ਕਮਿਊਨਿਟੀ ਕਿਚਨ ਅਤੇ 15 ਰਾਹਤ ਕੈਂਪ ਚਲਾਏ ਜਾ ਰਹੇ ਹਨ, ਜਿੱਥੇ 13,000 ਤੋਂ ਵੱਧ ਲੋਕ ਠਹਿਰੇ ਹੋਏ ਹਨ। ਲੋਕਾਂ ਦੀ ਆਵਾਜਾਈ ਲਈ 1,979 ਕਿਸ਼ਤੀਆਂ ਵੀ ਤਾਇਨਾਤ ਕੀਤੀਆਂ ਗਈਆਂ ਹਨ ਤੇ ਪ੍ਰਸ਼ਾਸਨ ਵੱਲੋਂ 1.94 ਲੱਖ ਪੋਲੀਥੀਨ ਸ਼ੀਟਾਂ, 29,400 ਸੁੱਕੇ ਰਾਸ਼ਨ ਦੇ ਪੈਕੇਟ ਅਤੇ 5,178 ਕੁਇੰਟਲ ਪਸ਼ੂਆਂ ਦਾ ਚਾਰਾ ਵੰਡਿਆ ਜਾ ਚੁੱਕਾ ਹੈ।

# ਲਵਸ਼ਿੰਦਰ ਸਿੰਘ ਡੱਲੇਵਾਲ ਨੂੰ ਅਮਰੀਕਾ ਰਾਹੀਂ ਯਾਤਰਾ ਦੀ ਮਨਜ਼ੂਰੀ ਨਾ ਮਿਲੀ

**ਲੰਡਨ, 9 ਸਤੰਬਰ (ਆਵਾਜ਼ਿ ਕੌਮ)**-ਕੈਨੇਡਾ ਤੋਂ ਇੰਗਲੈਂਡ ਵਾਪਸ ਆ ਰਹੇ ਸਿੱਖ ਸੰਘਰਸ਼ੀ ਆਗੂ ਲਵਸ਼ਿੰਦਰ ਸਿੰਘ ਡੱਲੇਵਾਲ ਨੂੰ ਅਮਰੀਕਾ ਰਾਹੀਂ ਯਾਤਰਾ ਕਰਨ ਲਈ ਲੋੜੀਂਦੀ ਦਾਖ਼ਲਾ/ਟ੍ਰਾਂਜ਼ਿਟ ਮਨਜ਼ੂਰੀ ਨਾ

### ਕੈਨੇਡਾ ਤੋਂ ਇੰਗਲੈਂਡ ਵਾਪਸੀ ਸਮੇਂ ਉਡਾਣ ’ਚ ਸਵਾਰ ਹੋਣ ਤੋਂ ਰੋਕਿਆ, ਵੱਖਰੀ ਟਿਕਟ ਲੈ ਕੇ ਹੋਰ ਜਹਾਜ਼ ਰਾਹੀਂ ਪਰਤਣਾ ਪਿਆ

ਮਿਲਣ ਕਾਰਨ ਹਵਾਈ ਯਾਤਰਾ ਦੌਰਾਨ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਇਸ ਸਬੰਧੀ ਜਾਣਕਾਰੀ ਲਵਸ਼ਿੰਦਰ ਸਿੰਘ ਡੱਲੇਵਾਲ ਨੇ ‘ਆਵਾਜ਼ੇ ਕੌਮ’ ਦੇ ਪੱਤਰਕਾਰ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਦਿੱਤੀ।



ਲਵਸ਼ਿੰਦਰ ਸਿੰਘ ਡੱਲੇਵਾਲ ਇੰਗਲੈਂਡ ਵਿੱਚ ਸਿੱਖ ਸੰਘਰਸ਼ ਨਾਲ ਸਬੰਧਤ ਸਰਗਰਮ ਆਗੂ ਵਜੋਂ ਜਾਣੇ ਜਾਂਦੇ ਹਨ। ਉਹ ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਨਾਲ ਜੁੜੇ ਹੋਏ ਹਨ ਅਤੇ ਯੂਨਾਈਟਿਡ ਖਾਲਸਾ ਦਲ ਦੇ ਜਨਰਲ ਸਕੱਤਰ ਵਜੋਂ ਵੀ ਸੇਵਾ ਨਿਭਾ ਰਹੇ ਹਨ।

ਲਵਸ਼ਿੰਦਰ ਸਿੰਘ ਡੱਲੇਵਾਲ ਨੇ ਦੱਸਿਆ ਕਿ ਉਹ ਆਪਣੇ ਰਿਸ਼ਤੇਦਾਰਾਂ ਨੂੰ ਮਿਲਣ ਅਤੇ ਨਿੱਜੀ ਕੰਮਾਂ ਲਈ ਕੈਨੇਡਾ ਗਏ ਹੋਏ ਸਨ। ਕੈਨੇਡਾ ਤੋਂ ਇੰਗਲੈਂਡ ਵਾਪਸੀ ਲਈ ਉਨ੍ਹਾਂ ਨੇ ਅਜਿਹੀ ਉਡਾਣ ਰਾਹੀਂ ਯਾਤਰਾ ਕਰਨੀ ਸੀ, ਜਿਸ ਦਾ ਰੂਟ ਅਮਰੀਕਾ ਰਾਹੀਂ ਸੀ। ਇਸ ਕਾਰਨ ਅਮਰੀਕਾ ਰਾਹੀਂ ਯਾਤਰਾ ਕਰਨ ਲਈ ਲੋੜੀਂਦੀ ਦਾਖ਼ਲਾ ਜਾਂ ਟ੍ਰਾਂਜ਼ਿਟ ਮਨਜ਼ੂਰੀ ਜ਼ਰੂਰੀ ਸੀ।

ਉਨ੍ਹਾਂ ਦੱਸਿਆ ਕਿ ਅਮਰੀਕਾ ਰਾਹੀਂ ਯਾਤਰਾ ਕਰਨ ਲਈ ਲੋੜੀਂਦੀ ਮਨਜ਼ੂਰੀ ਵਾਸਤੇ ਉਨ੍ਹਾਂ ਵੱਲੋਂ ਅਪਲਾਈ ਕੀਤਾ ਗਿਆ ਸੀ, ਪਰ ਉਨ੍ਹਾਂ ਨੂੰ ਇਹ ਮਨਜ਼ੂਰੀ ਨਹੀਂ ਦਿੱਤੀ ਗਈ। ਉਨ੍ਹਾਂ ਅਨੁਸਾਰ ਹੈਰਾਨੀ ਦੀ ਗੱਲ ਇਹ ਰਹੀ ਕਿ ਉਨ੍ਹਾਂ ਦੇ ਪਰਿਵਾਰ ਦੇ ਹੋਰ ਮੈਂਬਰਾਂ ਨੂੰ ਅਮਰੀਕਾ ਰਾਹੀਂ ਯਾਤਰਾ ਕਰਨ ਦੀ ਇਜਾਜ਼ਤ ਮਿਲ ਗਈ, ਜਦਕਿ ਉਨ੍ਹਾਂ ਨੂੰ ਇਕੱਲੇ ਹੀ ਉਡਾਣ ਵਿੱਚ ਸਵਾਰ ਹੋਣ ਤੋਂ ਰੋਕ ਦਿੱਤਾ ਗਿਆ।

### ਪਹਿਲਾਂ ਦੋ ਵਾਰ ਅਮਰੀਕਾ ਜਾ ਚੁੱਕੇ ਹਨ ਲਵਸ਼ਿੰਦਰ ਸਿੰਘ ਡੱਲੇਵਾਲ

ਲਵਸ਼ਿੰਦਰ ਸਿੰਘ ਡੱਲੇਵਾਲ ਨੇ ਗੱਲਬਾਤ ਦੌਰਾਨ ਇਹ ਵੀ ਦੱਸਿਆ ਕਿ ਉਹ ਇਸ ਤੋਂ ਪਹਿਲਾਂ ਦੋ ਵਾਰ ਅਮਰੀਕਾ ਜਾ ਚੁੱਕੇ ਹਨ। ਉਨ੍ਹਾਂ ਮੁਤਾਬਕ ਇਹ ਦੌਰੇ ਅੱਜ ਤੋਂ ਲਗਭਗ 10-15 ਸਾਲ ਪਹਿਲਾਂ ਹੋਏ ਸਨ, ਹਾਲਾਂਕਿ ਉਨ੍ਹਾਂ ਨੇ ਉਨ੍ਹਾਂ ਦੌਰਿਆਂ ਦਾ ਸਹੀ ਸਮਾਂ ਨਹੀਂ ਦੱਸਿਆ। ਇਨ੍ਹਾਂ ਦੋਵੇਂ ਮੌਕਿਆਂ ’ਤੇ ਉਹ ਅਮਰੀਕਾ ਵਿੱਚ ਦਾਖ਼ਲ ਹੋਏ ਸਨ ਅਤੇ ਉੱਥੇ ਰਹਿੰਦੇ ਆਪਣੇ ਰਿਸ਼ਤੇਦਾਰਾਂ ਨਾਲ ਮੁਲਾਕਾਤ ਵੀ ਕਰ ਚੁੱਕੇ ਹਨ।

ਇਸ ਦੇ ਬਾਵਜੂਦ ਇਸ ਵਾਰ ਅਮਰੀਕਾ ਰਾਹੀਂ ਯਾਤਰਾ ਦੀ ਮਨਜ਼ੂਰੀ ਨਾ ਮਿਲਣ ’ਤੇ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਹੈਰਾਨੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸਮਝ ਨਹੀਂ ਆ ਰਿਹਾ ਕਿ ਇਸ ਵਾਰ ਉਨ੍ਹਾਂ ਨਾਲ ਅਜਿਹੀ ਸਥਿਤੀ ਕਿਉਂ ਪੈਦਾ ਹੋਈ, ਜਦਕਿ ਉਹ ਪਹਿਲਾਂ ਦੋ ਵਾਰ ਅਮਰੀਕਾ ਜਾ ਕੇ ਉੱਥੇ ਆਪਣੇ ਰਿਸ਼ਤੇਦਾਰਾਂ ਨੂੰ ਮਿਲ ਚੁੱਕੇ ਹਨ।

### ਵੱਖਰੀ ਟਿਕਟ ਲੈ ਕੇ ਹੋਰ ਜਹਾਜ਼ ਰਾਹੀਂ ਇੰਗਲੈਂਡ ਪਰਤੇ

ਲਵਸ਼ਿੰਦਰ ਸਿੰਘ ਡੱਲੇਵਾਲ ਨੇ ਦੱਸਿਆ ਕਿ ਅਮਰੀਕਾ ਵਿੱਚ ਉਨ੍ਹਾਂ ਦਾ ਰੁਕਣ ਦਾ ਕੋਈ ਮਕਸਦ ਨਹੀਂ ਸੀ ਅਤੇ ਉਹ ਸਿਰਫ਼ ਕੈਨੇਡਾ ਤੋਂ ਇੰਗਲੈਂਡ ਵਾਪਸ ਆ ਰਹੇ ਸਨ। ਪਰ ਉਡਾਣ ਦਾ ਰੂਟ ਅਮਰੀਕਾ ਰਾਹੀਂ ਹੋਣ ਕਾਰਨ ਲੋੜੀਂਦੀ ਮਨਜ਼ੂਰੀ ਨਾ ਮਿਲਣ ਕਰਕੇ ਉਨ੍ਹਾਂ ਨੂੰ ਪਹਿਲਾਂ ਵਾਲੀ ਉਡਾਣ ਵਿੱਚ ਸਵਾਰ ਹੋਣ ਤੋਂ ਰੋਕ ਦਿੱਤਾ ਗਿਆ।

ਇਸ ਤੋਂ ਬਾਅਦ ਉਨ੍ਹਾਂ ਨੂੰ ਆਪਣੀ ਵਾਪਸੀ ਦੀ ਯਾਤਰਾ ਲਈ ਵੱਖਰੀ ਟਿਕਟ ਲੈਣੀ ਪਈ ਅਤੇ ਹੋਰ ਜਹਾਜ਼ ਰਾਹੀਂ ਕੈਨੇਡਾ ਤੋਂ ਇੰਗਲੈਂਡ ਵਾਪਸ ਆਉਣਾ ਪਿਆ। ਇਸ ਕਾਰਨ ਉਨ੍ਹਾਂ ਨੂੰ ਵਾਧੂ ਖਰਚਾ ਕਰਨ ਦੇ ਨਾਲ-ਨਾਲ ਯਾਤਰਾ ਸਬੰਧੀ ਪਰੇਸ਼ਾਨੀ ਦਾ ਵੀ ਸਾਹਮਣਾ ਕਰਨਾ ਪਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਪਰਿਵਾਰ ਦੇ ਬਾਕੀ ਮੈਂਬਰਾਂ ਨੂੰ ਅਮਰੀਕਾ ਰਾਹੀਂ ਯਾਤਰਾ ਦੀ ਆਗਿਆ ਮਿਲ ਜਾਣ ਅਤੇ ਉਨ੍ਹਾਂ ਨੂੰ ਮਨਜ਼ੂਰੀ ਨਾ ਮਿਲਣ ਕਾਰਨ ਇਹ ਸਥਿਤੀ ਉਨ੍ਹਾਂ ਲਈ ਕਾਫ਼ੀ ਹੈਰਾਨੀਜਨਕ ਅਤੇ ਪਰੇਸ਼ਾਨੀ ਵਾਲੀ ਰਹੀ।

**‘ਆਵਾਜ਼ੇ ਕੌਮ’ ਨਾਲ ਗੱਲਬਾਤ ਦੌਰਾਨ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਇਸ ਪੂਰੇ ਮਾਮਲੇ ਦੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਉਹ ਇਸ ਗੱਲ ਨੂੰ ਲੈ ਕੇ ਹੈਰਾਨ ਹਨ ਕਿ ਪਹਿਲਾਂ ਦੋ ਵਾਰ ਅਮਰੀਕਾ ਦੀ ਯਾਤਰਾ ਕਰ ਚੁੱਕੇ ਹੋਣ ਦੇ ਬਾਵਜੂਦ ਇਸ ਵਾਰ ਉਨ੍ਹਾਂ ਨੂੰ ਅਮਰੀਕਾ ਰਾਹੀਂ ਯਾਤਰਾ ਕਰਨ ਦੀ ਮਨਜ਼ੂਰੀ ਕਿਉਂ ਨਹੀਂ ਦਿੱਤੀ ਗਈ।**

## ਕੈਨੇਡਾ ’ਚ ਪੰਜਾਬੀ ਗਾਇਕ ਐਮੀ ਵਿਰਕ ’ਤੇ ਨਹੀਂ ਹੋਈ ਫਾਈਰਿੰਗ ! ਗਾਇਕ ਦੇ ਪਿਤਾ ਕੁਲਜੀਤ ਸਿੰਘ ਨੇ ਦੱਸਿਆ ਪੂਰਾ ਸੱਚ !



**ਟੋਰਾਂਟੋ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ’ਚ ਪੰਜਾਬੀ ਗਾਇਕ ਐਮੀ ਵਿਰਕ ’ਤੇ ਫਾਈਰਿੰਗ ਦੇ ਮਾਮਲੇ ’ਚ ਵੱਡਾ ਅਪਡੇਟ ਸਾਹਮਣੇ ਆਇਆ ਹੈ। ਦਰਅਸਲ ਪੰਜਾਬੀ ਗਾਇਕ ਦੇ ਪਿਤਾ ਕੁਲਜੀਤ ਸਿੰਘ ਨੇ ਮਾਮਲੇ ਨੂੰ ਮਹਿਜ਼ ਇੱਕ ਅਫਵਾਹ ਦੱਸਿਆ ਹੈ। ਜੀ ਹਾਂ ਪਿਤਾ ਵੱਲੋਂ ਗਾਇਕ ’ਤੇ ਫਾਈਰਿੰਗ ਹੋਣ ਦੀਆਂ ਖਬਰਾਂ ਦਾ ਖੰਡਨ ਕੀਤਾ ਹੈ। ਮਿਲੀ ਜਾਣਕਾਰੀ ਮੁਤਾਬਿਕ ਗਾਇਕ ਦੇ ਪਿਤਾ ਕੁਲਜੀਤ ਸਿੰਘ ਨੇ ਦੱਸਿਆ ਕਿ ਐਮੀ ਵਿਰਕ ਦੀ ਗੱਡੀ ਤੇ ਉਨ੍ਹਾਂ ਉੱਪਰ ਕੋਈ ਗੋਲੀ ਨਹੀਂ ਚੱਲੀ ਹੈ। ਐਮੀ ਵਿਰਕ ਅਤੇ ਉਸਦਾ ਪਰਿਵਾਰ ਪੂਰੀ ਤਰ੍ਹਾਂ ਸੁਰੱਖਿਅਤ ਹੈ। ਦੱਸ ਦਈਏ ਕਿ ਗਾਇਕ ਐਮੀ ਵਿਰਕ ਦੇ ਪਿੰਡ ਲਾਹੌਰ ਮਾਜਰਾ ਦੇ ਰਹਿਣ ਵਾਲੇ ਹਨ। ਕੁਝ ਦਿਨ ਪਹਿਲਾਂ ਹੀ ਇਹ ਖਬਰ ਸਾਹਮਣੇ ਆਈ ਸੀ ਕਿ ਕੈਨੇਡਾ ’ਚ ਸ਼ੋਅ ਮਗਰੋਂ ਪੰਜਾਬੀ ਗਾਇਕ ਦੇ ਕਾਫਲੇ ’ਤੇ ਕਥਿਤ ਗੋਲੀਬਾਰੀ ਹੋਈ ਸੀ। ਖਬਰਾਂ ਇਹ ਸੀ ਕਿ ਕੈਨੇਡਾ ਦੇ ਐਬਟਸਫੋਰਡ ਵਿੱਚ ਸ਼ੋਅ ਮਗਰੋਂ ਪੰਜਾਬ ਦੇ ਇੱਕ ਨਾਮੀ ਗਾਇਕ ਐਮੀ ਵਿਰਕ ਦੇ ਕਾਫਿਲੇ ’ਤੇ ਫਾਈਰਿੰਗ ਹੋਈ। ਇਸ ਸਬੰਧੀ ਐਬਟਸਫੋਰਡ ਪੁਲਿਸ ਨੇ 2500-ਬਲਾਕ ਮੈਕਕੈਲਮ ਰੋਡ ’ਤੇ ਗੋਲੀਬਾਰੀ ਦੀ ਪੁਸ਼ਟੀ ਕੀਤੀ ਹੈ। ਹਾਲਾਂਕਿ, ਪੁਲਿਸ ਨੇ ਅਜੇ ਤੱਕ ਇਹ ਸਪੱਸ਼ਟ ਨਹੀਂ ਕੀਤਾ ਸੀ ਕਿ ਗੋਲੀਬਾਰੀ ਦਾ ਨਿਸ਼ਾਨਾ ਕੌਣ ਸੀ ਜਾਂ ਕੀ ਐਮੀ ਵਿਰਕ ਗੱਡੀ ਵਿੱਚ ਸੀ? ਸੂਤਰਾਂ ਮੁਤਾਬਿਕ ਇਹ ਘਟਨਾ ਸ਼ਨੀਵਾਰ ਦੇ ਸ਼ੋਅ ਤੋਂ ਬਾਅਦ ਵਾਪਰੀ। ਪੁਲਿਸ ਦੇ ਅਨੁਸਾਰ, ਬੀਤੀ ਰਾਤ 11 ਵਜੇ ਤੋਂ ਬਾਅਦ, ਇੱਕ ਗੂੜ੍ਹੇ ਰੰਗ ਦੀ ਐਸਯੂਵੀ ਵਿੱਚ ਸਵਾਰ ਲੋਕਾਂ ਨੇ ਇੱਕ ਹੋਰ ਵਾਹਨ ’ਤੇ ਕਈ ਗੋਲੀਆਂ ਚਲਾਈਆਂ। ਇਸ ਘਟਨਾ ਵਿੱਚ ਕੋਈ ਜ਼ਖਮੀ ਨਹੀਂ ਹੋਇਆ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ
AWAZE QAUM
International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।




## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ 83ਵੀਂ ਸਾਲਾਨਾ ਵਰ੍ਹੇਗੰਢ

# 13 ਸਤੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮਨਾਈ ਜਾਵੇਗੀ



**ਅੰਮ੍ਰਿਤਸਰ ਸਾਹਿਬ: 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਦੇ ਹਰਿਆਵਲ ਦਸਤੇ 'ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ' ਦੀ ਸਾਲਾਨਾ ਵਰ੍ਹੇਗੰਢ 13 ਸਤੰਬਰ (ਦਿਨ ਐਤਵਾਰ) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਨਮੁੱਖ ਅਰਦਾਸ ਕਰਕੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾਵੇਗੀ। ਇਸ ਗੱਲ ਦਾ ਸਾਂਝਾ ਐਲਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ ਨੇ ਕੀਤਾ।

**☛ ਫੈਡਰੇਸ਼ਨ ਦੇ ਸਰਪ੍ਰਸਤ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ ਨੇ ਕੀਤਾ ਸਾਂਝਾ ਐਲਾਨ ☛ ਸਿੱਖ ਨੌਜਵਾਨਾਂ ਅਤੇ ਪੰਜਾਬੀ ਜਵਾਨੀ ਨੂੰ 13 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜਣ ਦੀ ਅਪੀਲ**

**ਫੈਡਰੇਸ਼ਨ ਦਾ ਸ਼ਾਨਾਮੱਤਾ ਇਤਿਹਾਸ ਤੇ ਕੁਰਬਾਨੀਆਂ:** ਆਗੂਆਂ ਨੇ ਦੱਸਿਆ ਕਿ 13 ਸਤੰਬਰ 1943 ਨੂੰ ਲਾਹੌਰ ਦੇ ਮਿੰਟਗੁਮਰੀ ਕਾਲਜ ਵਿਖੇ ਸਥਾਪਿਤ ਹੋਈ ਫੈਡਰੇਸ਼ਨ ਦੇ 83 ਸਾਲ ਇਸ ਦੇ ਸ਼ਾਨਾਮੱਤੇ ਤੇ ਸੰਘਰਸ਼ਸ਼ੀਲ ਇਤਿਹਾਸ ਨੂੰ ਦਰਸਾਉਂਦੇ ਹਨ। ਫੈਡਰੇਸ਼ਨ ਨੇ ਆਪਣੇ ਸਫ਼ਰ ਦਰਮਿਆਨ ਕਈ ਉਤਰਾਅ-ਚੜ੍ਹਾਅ ਦੇਖੇ। 19 ਜੁਲਾਈ 1984 ਨੂੰ ਹਿੰਦ ਹਕੂਮਤ ਵੱਲੋਂ ਫੈਡਰੇਸ਼ਨ ਉੱਤੇ ਪਾਬੰਦੀ ਲਗਾ ਦਿੱਤੀ ਗਈ ਸੀ, ਪਰ ਇਸ ਦੇ ਬਾਵਜੂਦ ਹਜ਼ਾਰਾਂ ਵਰਕਰਾਂ ਨੇ ਸ਼ਾਂਤਮਈ ਢੰਗ ਨਾਲ ਆਪਣਾ ਸੰਘਰਸ਼ ਜਾਰੀ ਰੱਖਿਆ। ਪੰਥ ਅਤੇ ਪੰਜਾਬ ਵਾਸਤੇ ਫੈਡਰੇਸ਼ਨ ਨੇ ਹਮੇਸ਼ਾ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ। ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਅਜ਼ਮਤ ਖ਼ਾਤਰ ਆਪਣੀ ਸ਼ਹਾਦਤ ਦਿੱਤੀ। ਫੈਡਰੇਸ਼ਨ ਨੇ ਜਿੱਥੇ ਸਕੂਲਾਂ-ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਨੂੰ ਲਾਮਬੰਦ ਕੀਤਾ, ਉੱਥੇ ਹੀ ਪੰਥਕ ਖੇਤਰ ਵਿੱਚ ਵੀ ਲਾਮਿਸਾਲ ਯੋਗਦਾਨ ਪਾਇਆ।

**ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ 'ਤੇ ਨਿਸ਼ਾਨਾ:** ਮੀਡੀਆ ਨੂੰ ਸੰਬੋਧਨ ਕਰਦਿਆਂ ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਫੈਡਰੇਸ਼ਨ ਨੇ ਰਾਸ਼ਟਰੀ ਪੱਧਰ 'ਤੇ ਸ਼੍ਰੋਮਣੀ ਅਕਾਲੀ ਦਲ ਨੂੰ ਕਈ ਗੁਣਕਾਰੀ ਅਤੇ ਯੋਗ ਆਗੂ ਦਿੱਤੇ, ਪਰ ਪਰਿਵਾਰਵਾਦ ਅਤੇ ਨਿੱਜਵਾਦ ਦੇ ਚਲਦਿਆਂ ਅਕਾਲੀ ਦਲ ਦੀ ਲੀਡਰਸ਼ਿਪ ਨੇ ਫੈਡਰੇਸ਼ਨ ਨੂੰ ਢਾਹ ਲਾਉਣ ਲਈ 'ਐਸ.ਓ.ਆਈ' ਵਰਗੀਆਂ ਪੈਰਲਲ ਜਥੇਬੰਦੀਆਂ ਖੜ੍ਹੀਆਂ ਕੀਤੀਆਂ। ਇਸੇ ਨੀਤੀ ਕਾਰਨ ਹੀ ਅੱਜ ਸ਼੍ਰੋਮਣੀ ਅਕਾਲੀ ਦਲ ਸੱਤਾ ਤੋਂ ਬਹੁਤ ਦੂਰ ਹੋ ਚੁੱਕਾ ਹੈ।

**ਨੌਜਵਾਨਾਂ ਨੂੰ ਇਕੱਤਰ ਹੋਣ ਦੀ ਅਪੀਲ:** ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਭਾਈ ਕੰਵਰ ਚੜ੍ਹਤ ਸਿੰਘ ਨੇ ਸਮੂਹ ਸਿੱਖ ਨੌਜਵਾਨਾਂ ਅਤੇ ਪੰਜਾਬੀ ਜਵਾਨੀ ਨੂੰ ਅਪੀਲ ਕੀਤੀ ਹੈ ਕਿ ਉਹ 13 ਸਤੰਬਰ 2026, ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੱਡੀ ਤਾਦਾਦ ਵਿੱਚ ਪਹੁੰਚਣ। ਇਸ ਮੌਕੇ ਜਿੱਥੇ ਸਰਬੱਤ ਦੇ ਭਲੇ ਲਈ ਅਤੇ ਜੇਲ੍ਹਾਂ ਵਿੱਚ ਬੰਦ 'ਬੰਦੀ ਸਿੰਘਾਂ' ਦੀ ਰਿਹਾਈ ਲਈ ਅਰਦਾਸ ਕੀਤੀ ਜਾਵੇਗੀ, ਉੱਥੇ ਹੀ ਪੰਥ ਤੇ ਪੰਜਾਬ ਦੇ ਭਲੇ ਵਾਸਤੇ ਫੈਡਰੇਸ਼ਨ ਦੇ ਭਵਿੱਖੀ ਰਣਨੀਤਕ ਪ੍ਰੋਗਰਾਮਾਂ ਦਾ ਐਲਾਨ ਵੀ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਹਰਿਆਣਾ ਕਮੇਟੀ ਪ੍ਰਧਾਨ ਦੇ ਅਸਤੀਫ਼ੇ ਲਈ

# ਮੁੱਖ ਦਫ਼ਤਰ ਕੁਰੂਕਸ਼ੇਤਰ ਵਿਖੇ ਧਰਨਾ ਤੀਜੇ ਦਿਨ ਵੀ ਜਾਰੀ



**ਕੁਰੂਕਸ਼ੇਤਰ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੁੱਖ ਦਫ਼ਤਰ ਕੁਰੂਕਸ਼ੇਤਰ ਵਿਖੇ ਚੱਲ ਰਹੇ ਧਰਨੇ ਦੇ ਅੱਜ ਤੀਜੇ ਦਿਨ ਸਾਬਕਾ ਮੈਂਬਰਾਂ ਵੱਲੋਂ ਕਮੇਟੀ ਧਰਨੇ ਨੂੰ ਆਪਣਾ ਸਮਰਥਨ ਦਿੱਤਾ ਗਿਆ। ਮੈਂਬਰ ਸਰਦਾਰ ਗੁਰਤੇਜ ਸਿੰਘ ਮੁੱਖ ਦਫ਼ਤਰ ਦੇ ਮੁੱਖ ਗੇਟ 'ਤੇ ਧਰਨੇ 'ਤੇ ਬੈਠੇ ਹਨ।

**ਮੌਜੂਦਾਂ ਅਹੁਦੇਦਾਰਾਂ ਮੈਂਬਰਾਂ ਤੋਂ ਬਾਅਦ ਸਾਬਕਾ ਮੈਂਬਰਾਂ ਨੇ ਕੀਤਾ ਸਮਰਥਨ**

ਸਮਰਥਨ ਦੇਣ ਵਾਲਿਆਂ ਵਿੱਚ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਸਰਦਾਰ ਸੁਖਵਿੰਦਰ ਸਿੰਘ ਮੰਡੇਬਰ,ਸਰਦਾਰ ਅਮਰਾਓ ਸਿੰਘ ਛੀਨਾ, ਸਰਦਾਰ ਇੰਦਰਜੀਤ ਸਿੰਘ ਵਾਸੁਦੇਵਾ, ਸਰਦਾਰ ਬੇਅੰਤ ਸਿੰਘ ਨਲਵੀ, ਸਰਦਾਰ ਪਰਮਜੀਤ ਸਿੰਘ ਮਾਖਾ (ਸਿਰਸਾ) ਸਾਰੇ ਸਾਬਕਾ ਮੈਂਬਰ,ਮੈਂਬਰ ਸਰਦਾਰ ਬਲਦੇਵ ਸਿੰਘ ਹਾਬੜੀ, ਸਰਦਾਰ ਬਾਬੂ ਸਿੰਘ ਚੀਕਾ,ਮਸੰਦ ਭਾਈ ਗਲੋਰਾ ਜੀ ਦੇ ਵੰਸ਼ਜ,ਮੈਂਬਰ ਸਰਦਾਰ ਸਵਰਨ ਸਿੰਘ ਜੀ ਬੁੰਗਾ ਟਿੱਬੀ ਪੰਚਕੂਲਾ ਅਤੇ ਉਪ-ਪ੍ਰਧਾਨ ਸਰਦਾਰ ਗੁਰਬੀਰ ਸਿੰਘ ਤਲਾਕੌਰ ਸ਼ਾਮਲ ਰਹੇ।

ਸਮਰਥਨ ਦੇਣ ਵਾਲੇ ਮੈਂਬਰਾਂ ਨੇ ਕਿਹਾ ਕਿ ਸਰਦਾਰ ਗੁਰਤੇਜ ਸਿੰਘ ਵੱਲੋਂ ਉਠਾਏ ਗਏ ਸਵਾਲ ਅਤੇ ਮੰਗਾਂ ਜਾਇਜ਼ ਹਨ ਅਤੇ ਇਨ੍ਹਾਂ ਸਬੰਧੀ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵੱਲੋਂ ਸਪਸ਼ਟ,ਪਾਰਦਰਸ਼ੀ ਅਤੇ ਤਸੱਲੀਬਖਸ਼ ਜਵਾਬ ਦਿੱਤੇ ਜਾਣੇ ਚਾਹੀਦੇ ਹਨ।

ਉਨ੍ਹਾਂ ਕਿਹਾ ਕਿ ਚੁਣੇ ਹੋਏ ਮੈਂਬਰਾਂ ਨੂੰ ਕਮੇਟੀ ਦੇ ਕੰਮਕਾਜ ਅਤੇ ਕਾਰਜਕਾਰਣੀ ਵੱਲੋਂ ਲਏ ਗਏ ਫ਼ੈਸਲਿਆਂ ਬਾਰੇ ਜਾਣਕਾਰੀ ਮੰਗਣ, ਸਵਾਲ ਪੁੱਛਣ ਅਤੇ ਉਨ੍ਹਾਂ ਦੇ ਉਚਿਤ ਜਵਾਬ ਪ੍ਰਾਪਤ ਕਰਨ ਦਾ ਪੂਰਾ ਹੱਕ ਹੈ। ਕਾਰਜਕਾਰਣੀ ਕਮੇਟੀ ਦੀ ਜ਼ਿੰਮੇਵਾਰੀ ਹੈ ਕਿ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ, ਤਾਂ ਜੋ ਚੁਣੇ ਹੋਏ ਮੈਂਬਰ ਤੱਥਾਂ ਨੂੰ ਸੰਗਤ ਦੇ ਸਾਹਮਣੇ ਪਾਰਦਰਸ਼ੀ ਢੰਗ ਨਾਲ ਰੱਖ ਸਕਣ।

ਸਮਰਥਨ ਦੇਣ ਵਾਲੇ ਮੈਂਬਰਾਂ ਨੇ ਝੀਂਡਾ ਨੂੰ ਅਪੀਲ ਕੀਤੀ ਕਿ ਚੁਣੇ ਹੋਏ ਮੈਂਬਰਾਂ ਦੇ ਲੋਕਤੰਤਰਿਕ ਹੱਕਾਂ ਦਾ ਸਤਿਕਾਰ ਕਰਦਿਆਂ ਸਰਦਾਰ ਗੁਰਤੇਜ ਸਿੰਘ ਵੱਲੋਂ ਉਠਾਏ ਗਏ ਸਾਰੇ ਸਵਾਲਾਂ ਦੇ ਬਿੰਦੂਵਾਰ, ਤੱਥਾਂ 'ਤੇ ਆਧਾਰਿਤ ਅਤੇ ਲਿਖਤੀ ਜਵਾਬ ਦਿੱਤੇ ਜਾਣ। ਮਾਮਲੇ ਨੂੰ ਟਾਲਣ ਜਾਂ ਬੇਲੋੜੇ ਤੌਰ 'ਤੇ ਲੰਬਿਤ ਰੱਖਣ ਦੀ ਬਜਾਏ ਇਸ ਦਾ ਢੁਕਵਾਂ ਹੱਲ ਕੀਤਾ ਜਾਵੇ। ਜਾਂ ਅਸਤੀਫਾ ਦਿੱਤਾ ਜਾਵੇ। ਉਨ੍ਹਾਂ ਕਾਰਜਕਾਰਣੀ ਕਮੇਟੀ ਨੂੰ ਇਹ ਵੀ ਅਪੀਲ ਕੀਤੀ ਕਿ ਸਰਦਾਰ ਗੁਰਤੇਜ ਸਿੰਘ ਨਾਲ ਸਾਰਥਕ ਅਤੇ ਰਚਨਾਤਮਕ ਗੱਲਬਾਤ ਕਰਕੇ ਮਾਮਲੇ ਦਾ ਹੱਲ ਕੀਤਾ ਜਾਵੇ, ਤਾਂ ਜੋ ਸਮੁੱਚੀ ਸਿੱਖ ਸੰਗਤ ਦੇ ਹਿੱਤਾਂ ਦੀ ਰੱਖਿਆ ਹੋ ਸਕੇ। ਉਨ੍ਹਾਂ ਸਾਰੇ ਸਬੰਧਤ ਧਿਰਾਂ ਨੂੰ ਸ਼ਾਂਤੀ, ਮਰਿਆਦਾ ਅਤੇ ਅਨੁਸ਼ਾਸਨ ਬਣਾਈ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਸਿੱਖ ਸੰਸਥਾ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕਤੰਤਰਿਕ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਧਰਮੀ ਫੌਜੀ ਭਾਈ ਤਰਲੋਚਨ ਸਿੰਘ ਮਾਨੋਚਾਹਲ ਅਕਾਲ ਚਲਾਣਾ ਕਰ ਗਏ

### ਪੰਥਕ ਹਲਕਿਆਂ ਵਿੱਚ ਸੋਗ ਦੀ ਲਹਿਰ, ਸੰਗਤ ਵੱਲੋਂ ਭਾਵਪੂਰਤ ਸ਼ਰਧਾਂਜਲੀ





**ਅੰਮ੍ਰਿਤਸਰ ਸਾਹਿਬ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਲਈ ਦੁਖਦਾਈ ਖ਼ਬਰ ਹੈ ਕਿ ਧਰਮੀ ਫੌਜੀ ਭਾਈ ਤਰਲੋਚਨ ਸਿੰਘ ਮਾਨੋਚਾਹਲ ਅਕਾਲ ਚਲਾਣਾ ਕਰ ਗਏ ਹਨ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ, ਸਨੇਹੀਆਂ ਅਤੇ ਪੰਥਕ ਹਲਕਿਆਂ ਵਿੱਚ ਗਹਿਰਾ ਸੋਗ ਪਾਇਆ ਜਾ ਰਿਹਾ ਹੈ। ਭਾਈ ਤਰਲੋਚਨ ਸਿੰਘ ਮਾਨੋਚਾਹਲ ਉਸ ਪਰਿਵਾਰ ਨਾਲ ਸਬੰਧਤ ਸਨ, ਜਿਸ ਨੇ ਸਿੱਖ ਕੌਮ ਅਤੇ ਕੌਮੀ ਹਿੱਤਾਂ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ। ਉਹ ਸ਼ਹੀਦ ਭਾਈ ਗੁਰਬਚਨ ਸਿੰਘ ਮਾਨੋਚਾਹਲ ਦੇ ਭਰਾ ਸਨ। ਮਾਨੋਚਾਹਲ ਪਰਿਵਾਰ ਦੀਆਂ ਕੌਮ ਪ੍ਰਤੀ ਸੇਵਾਵਾਂ ਅਤੇ ਕੁਰਬਾਨੀਆਂ ਨੂੰ ਪੰਥਕ ਹਲਕਿਆਂ ਵਿੱਚ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਭਾਈ ਤਰਲੋਚਨ ਸਿੰਘ ਜੀ ਦੇ ਅਕਾਲ ਚਲਾਣੇ ਨੂੰ ਪੰਥ ਅਤੇ ਪਰਿਵਾਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਦਿਆਂ ਸੰਗਤ ਵੱਲੋਂ ਉਨ੍ਹਾਂ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ ਗਈ। ਸਿੱਖ ਕੌਮ ਪ੍ਰਤੀ ਸਮਰਪਿਤ ਰਹੇ ਇਸ ਪਰਿਵਾਰ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਪੰਥਕ ਆਗੂਆਂ ਅਤੇ ਸੰਗਤ ਨੇ ਭਾਈ ਤਰਲੋਚਨ ਸਿੰਘ ਜੀ ਦੇ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ ਕਿ ਵਾਹਿਗੁਰੂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰਕ ਮੈਂਬਰਾਂ, ਸਾਕ-ਸਬੰਧੀਆਂ ਅਤੇ ਸਮੂਹ ਸੰਗਤ ਨੂੰ ਇਸ ਅਸਹਿ ਭਾਣੇ ਨੂੰ ਮੰਨਣ ਦਾ ਬਲ ਪ੍ਰਦਾਨ ਕਰਨ। ਧਰਮੀ ਫੌਜੀ ਭਾਈ ਤਰਲੋਚਨ ਸਿੰਘ ਮਾਨੋਚਾਹਲ ਦੀ ਪੰਥ ਪ੍ਰਤੀ ਸਮਰਪਿਤ ਯਾਦ ਸਦਾ ਸਤਿਕਾਰ ਨਾਲ ਯਾਦ ਕੀਤੀ ਜਾਂਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਬੰਦੀ ਸਿੰਘਾਂ ਦੀ ਰਿਹਾਈ ਲਈ ਦਿੱਲੀ ਕਮੇਟੀ ਮੋਹਰੀ ਭੂਮਿਕਾ ਨਿਭਾਏਗੀ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 9 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚੇ ਵੱਲੋਂ ਉਲੀਕੇ ਜਾਣ ਵਾਲੇ ਹਰ ਸੰਘਰਸ਼ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਧ-ਚੜ੍ਹ ਕੇ ਸਹਿਯੋਗ ਦੇਵੇਗੀ। ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਚੰਡੀਗੜ੍ਹ ਵਿਖੇ ਮੋਰਚੇ ਦੀ ਅਹਿਮ ਮੀਟਿੰਗ ਦੌਰਾਨ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਅੱਜ ਸਿੱਖ ਕੌਮ ਦਾ ਸਭ ਤੋਂ ਵੱਡਾ ਮਸਲਾ ਹੈ ਅਤੇ ਇਸ ਲਈ ਦਿੱਲੀ ਕਮੇਟੀ ਹਰ ਜ਼ਿੰਮੇਵਾਰੀ ਅੱਗੇ ਹੋ ਕੇ ਨਿਭਾਏਗੀ। ਉਨ੍ਹਾਂ ਮਾਰਚ ਨੂੰ ਦੇਸ਼-ਵਿਆਪੀ ਬਣਾਉਣ ਲਈ ਯੂ.ਪੀ., ਉੱਤਰਾਖੰਡ, ਮੱਧ ਪ੍ਰਦੇਸ਼ ਸਮੇਤ ਵੱਖ-ਵੱਖ ਸੂਬਿਆਂ ਤੋਂ ਸਿੱਖਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਅਤੇ ਸੋਸ਼ਲ ਮੀਡੀਆ ਦਾ ਮਜ਼ਬੂਤ ਵਿੰਗ ਬਣਾਉਣ 'ਤੇ ਵੀ ਜ਼ੋਰ ਦਿੱਤਾ। ਕਾਲਕਾ ਨੇ ਮੋਰਚੇ ਨੂੰ ਸਿਆਸੀ ਮਕਸਦ ਵਾਲੇ ਤੱਤਾਂ ਅਤੇ ਸੰਭਾਵੀ ਏਜੰਸੀ ਘੁਸਪੈਠ ਤੋਂ ਸੁਚੇਤ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਢੇ ਤਿੰਨ ਸਾਲਾਂ ਤੋਂ ਚੱਲ ਰਿਹਾ ਇਹ ਸੰਘਰਸ਼ ਹੁਣ ਨਿਰਣਾਇਕ ਮੋੜ 'ਤੇ ਪਹੁੰਚਦਾ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੰਦੀ ਸਿੰਘਾਂ ਨੇ ਦਹਾਕਿਆਂ ਜੇਲ੍ਹਾਂ ਵਿੱਚ ਗੁਜ਼ਾਰੇ ਹਨ, ਉਨ੍ਹਾਂ ਦੇ ਮਾਮਲੇ ਨੂੰ ਨਿੱਜੀ ਜਾਂ ਸਿਆਸੀ ਹਿੱਤਾਂ ਤੋਂ ਉੱਪਰ ਰੱਖਣਾ ਸਮੇਂ ਦੀ ਲੋੜ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸਰਕਾਰ ਨਾਲ ਗੱਲਬਾਤ ਲਈ ਬਣਾਈ ਜਾਣ ਵਾਲੀ ਟੀਮ ਨੂੰ ਦਿੱਲੀ ਕਮੇਟੀ ਵੱਲੋਂ ਜਿਹੜੀ ਵੀ ਜ਼ਿੰਮੇਵਾਰੀ ਦਿੱਤੀ ਜਾਵੇਗੀ, ਉਹ ਪੂਰੀ ਤਨਦੇਹੀ ਨਾਲ ਨਿਭਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁ:ਤਿੱਤਰਸਰ ਸਾਹਿਬ ਵਿਖੇ ਧਾਰਮਿਕ ਸਮਾਗਮ ਤੇ ਖੂਨਦਾਨ ਕੈਂਪ 'ਚ

# ਸਾਬਕਾ ਵਿਧਾਇਕ ਸਿੱਧੂ ਨੇ ਭਰੀ ਹਾਜ਼ਰੀ






ਤਲਵੰਡੀ ਸਾਬੋ/ਮੌੜ ਮੰਡੀ, 09 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪ੍ਰਸਿੱਧ ਧਾਰਮਿਕ ਸੰਸਥਾ ਬੁੰਗਾ ਮਸਤੂਆਣਾ ਧਾਰਮਿਕ ਮਹਾਂ ਵਿਦਿਆਲਾ ਦਮਦਮਾ ਸਾਹਿਬ ਦੇ ਪ੍ਰਬੰਧ ਹੇਠਲੇ ਇਲਾਕੇ ਦੇ ਪਾਵਨ ਅਸਥਾਨ ਗੁਰਦੁਆਰਾ ਤਿੱਤਰਸਰ ਸਾਹਿਬ ਵਿਖੇ ਬਾਬਾ ਕੇਸਰ ਸਿੰਘ,ਬਾਬਾ ਅੰਗਰੇਜ਼ ਸਿੰਘ ਤੇ ਸੰਪਰਦਾਇ ਮਸਤੂਆਣਾ ਦੇ ਮੁਖੀ ਰਹੇ ਬਾਬਾ ਛੋਟਾ ਸਿੰਘ ਨੂੰ ਸਮਰਪਿਤ ਕਰਕੇ ਕਰਵਾਏ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਹਲਕਾ ਮੌੜ ਚ ਕਾਂਗਰਸ ਦੀ ਅਗਵਾਈ ਕਰ ਰਹੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਵੀ ਹਾਜ਼ਰੀ ਲਵਾਈ। ਟੀਮ ਸਿੱਧੂ ਵੱਲੋਂ ਮੁਹੱਈਆ ਜਾਣਕਾਰੀ ਅਨੁਸਾਰ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਜਿੱਥੇ ਗੁਰਮਤਿ ਸਮਾਗਮਾਂ ਚ ਹਾਜ਼ਰੀ ਭਰੀ ਉੱਥੇ ਸਮਾਗਮ ਮੌਕੇ ਦਸਮੇਸ਼ ਸਪੋਰਟਸ ਕਲੱਬ ਮੌੜ ਮੰਡੀ ਵੱਲੋਂ ਲਗਾਏ ਖੂਨਦਾਨ ਕੈਂਪ ਚ ਵੀ ਸ਼ਮੂਲੀਅਤ ਕੀਤੀ ਤੇ ਮਨੁੱਖਤਾ ਦੀ ਸੇਵਾ ਲਈ ਲਗਾਏ ਕੈਂਪ ਕਰਕੇ ਕਲੱਬ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਬੁੰਗਾ ਮਸਤੂਆਣਾ ਮੁਖੀ ਬਾਬਾ ਕਾਕਾ ਸਿੰਘ ਨੇ ਜੀਤਮਹਿੰਦਰ ਸਿੰਘ ਸਿੱਧੂ ਨੂੰ ਸਿਰੋਪਾਉ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਪਿਛਲੀ ਕਰੀਬ ਅੱਧੀ ਸਦੀ ਤੋਂ ਗੁ:ਬੁੰਗਾ ਮਸਤੂਆਣਾ ਸਾਹਿਬ ਨਾਲ ਜੁੜਿਆ ਹੋਇਆ ਹੈ ਤੇ ਸਾਰੇ ਮਹਾਂਪੁਰਖਾਂ ਨਾਲ ਉਨਾਂ ਦਾ ਪ੍ਰੇਮ ਬਣਿਆ ਹੋਇਐ। ਉਨਾਂ ਕਿਹਾ ਕਿ ਬੁੰਗਾ ਮਸਤੂਆਣਾ ਨੇ ਜਿੱਥੇ ਸਿੱਖੀ ਪ੍ਰਚਾਰ ਪ੍ਰਸਾਰ 'ਚ ਅਹਿਮ ਭੂਮਿਕਾ ਨਿਭਾਈ ਹੈ ਉੱਥੇ ਕੋਰੋਨਾ ਮਹਾਂਮਾਰੀ ਦੌਰਾਨ ਉਨਾਂ ਨੇ ਸਮਾਜ ਸੇਵੀ ਕਾਰਜਾਂ ਚ ਵੀ ਮਿਸਾਲੀ ਯੋਗਦਾਨ ਪਾਇਆ ਤੇ ਕਿਸਾਨੀ ਸੰਘਰਸ਼ਾਂ ਦੌਰਾਨ ਮੋਰਚਿਆਂ ਤੱਕ ਲੰਗਰ ਪਹੁੰਚਾਇਆ। ਸਿੱਧੂ ਦੇ ਸਨਮਾਨ ਮੌਕੇ ਬਾਬਾ ਕਾਕਾ ਸਿੰਘ ਦੇ ਨਾਲ ਬਾਬਾ ਤੇਜਾ ਸਿੰਘ ਹੈੱਡ ਗ੍ਰੰਥੀ ਬੁੰਗਾ ਮਸਤੂਆਣਾ, ਬਾਬਾ ਅਵਤਾਰ ਸਿੰਘ ਰਾਗੀ, ਬਾਬਾ ਰੰਮੀ ਸਿੰਘ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ ਤਲਵੰਡੀ ਸਾਬੋ, ਕ੍ਰਿਸ਼ਨ ਯਾਦਵ, ਦਰਸ਼ਨ ਗਿੱਲ ਤੋਂ ਇਲਾਵਾ ਮੌੜ ਹਲਕੇ ਦੇ ਕਾਂਗਰਸੀ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਬੁੰਗਾ ਮਸਤੂਆਣਾ ਮੁਖੀ ਬਾਬਾ ਕਾਕਾ ਸਿੰਘ ਨੇ ਕੀਤਾ ਸਨਮਾਨਿਤ**

# ਭਾਰਤ-ਦੱਖਣੀ ਅਫਰੀਕਾ ਤਰਜੀਹੀ ਵਪਾਰ ਸਮਝੌਤੇ ਲਈ ਕਰਨਗੇ ਰਾਹ ਪੱਧਰਾ




**ਨਵੀਂ ਦਿੱਲੀ 9 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਭਾਰਤ ਅਤੇ ਦੱਖਣੀ ਅਫਰੀਕਾ ਇੱਕ ਤਰਜੀਹੀ ਵਪਾਰ ਸਮਝੌਤੇ ਲਈ ਰਾਹ ਪੱਧਰਾ ਕਰਨਗੇ, ਜਿਸ ਵਿੱਚ ਗੱਲਬਾਤ ਲਈ ਸੰਦਰਭ ਦੀਆਂ ਸ਼ਰਤਾਂ ਪਹਿਲਾਂ ਹੀ ਹਸਤਾਖਰ ਕੀਤੀਆਂ ਜਾ ਚੁੱਕੀਆਂ ਹਨ, ਜਿਸ ਨਾਲ ਮੌਜੂਦਾ ਸਮੇਂ ਵਿੱਚ 18.01 ਬਿਲੀਅਨ ਅਮਰੀਕੀ ਡਾਲਰ ਦੇ ਦੁਵੱਲੇ ਵਪਾਰ ਵਿੱਚ ਮਹੱਤਵਪੂਰਨ ਵਿਸਥਾਰ ਲਈ ਦਰਵਾਜ਼ਾ ਖੁੱਲ੍ਹੇਗਾ। ਭਾਰਤ-ਦੱਖਣੀ ਅਫਰੀਕਾ ਵਪਾਰ ਫੋਰਮ ਵਿੱਚ ਬੋਲਦਿਆਂ, ਬ੍ਰਿਕਸ ਵਪਾਰ ਪ੍ਰੀਸ਼ਦ ਦੇ ਮੈਂਬਰ, ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ ਕਿ ਪ੍ਰਸਤਾਵਿਤ ਪੀ ਟੀ ਏ ਦੋਵਾਂ ਦੇਸ਼ਾਂ ਵਿਚਕਾਰ ਵਪਾਰ ਅਤੇ ਨਿਵੇਸ਼ ਨੂੰ ਵੱਡਾ ਹੁਲਾਰਾ ਦੇਵੇਗਾ, ਜਿਸ ਨਾਲ ਖਣਿਜਾਂ, ਨਿਰਮਾਣ, ਖੇਤੀਬਾੜੀ, ਖੁਰਾਕ ਸੁਰੱਖਿਆ, ਖਾਦਾਂ, ਸੇਵਾਵਾਂ ਅਤੇ ਹੁਨਰਮੰਦ ਮਨੁੱਖੀ ਸ਼ਕਤੀ ਵਿੱਚ ਵਧੇਰੇ ਬਾਜ਼ਾਰ ਪਹੁੰਚ ਪੈਦਾ ਹੋਵੇਗੀ ਅਤੇ ਨਵੇਂ ਮੌਕੇ ਖੁੱਲ੍ਹਣਗੇ। ਡਾ ਸਾਹਨੀ ਨੇ ਕਿਹਾ, ਇਹ ਸਮਝੌਤਾ ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਆਰਥਿਕ ਭਾਈਵਾਲੀ ਨੂੰ ਅਗਲੇ ਪੱਧਰ 'ਤੇ ਲਿਜਾਣ ਲਈ ਇੱਕ ਪਰਿਵਰਤਨਸ਼ੀਲ ਕਦਮ ਬਣ ਸਕਦਾ ਹੈ। ਭਾਰਤ ਵਿੱਚ ਦੱਖਣੀ ਅਫ਼ਰੀਕਾ ਦੇ ਹਾਈ ਕਮਿਸ਼ਨਰ ਪ੍ਰੋ. ਅਨਿਲ ਸੂਕਲਾਲ ਨੇ ਕਿਹਾ ਕਿ ਭਾਰਤ ਦਾ ਅਫ਼ਰੀਕਾ ਨਾਲ ਸਬੰਧ ਕਈ ਖੇਤਰਾਂ ਵਿੱਚ ਵਧਿਆ ਹੈ ਅਤੇ ਇਹ ਵਪਾਰ, ਨਿਵੇਸ਼, ਤਕਨਾਲੌਜੀ, ਹੁਨਰ ਅਤੇ ਵਿਕਾਸ ਸਹਿਯੋਗ ਨੂੰ ਸ਼ਾਮਲ ਕਰਦਿਆਂ ਇੱਕ ਵਿਆਪਕ ਭਾਈਵਾਲੀ ਵਿੱਚ ਵਿਕਸਤ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਸਤਾਵਿਤ ਪੀਟੀਏ ਵਿੱਚ ਭਾਰਤ ਅਤੇ ਦੱਖਣੀ ਅਫ਼ਰੀਕਾ ਵਿਚਕਾਰ ਵਪਾਰ ਅਤੇ ਨਿਵੇਸ਼ ਨੂੰ ਮਹੱਤਵਪੂਰਨ ਤੌਰ 'ਤੇ ਵਧਾਉਣ, ਕਾਰੋਬਾਰਾਂ ਲਈ ਨਵੇਂ ਮੌਕੇ ਪੈਦਾ ਕਰਨ ਅਤੇ ਦੋਵਾਂ ਅਰਥਚਾਰਿਆਂ ਨੂੰ ਵਧਣ-ਫੁੱਲਣ ਵਿੱਚ ਮਦਦ ਕਰਨ ਦੀਆਂ ਬਹੁਤ ਜ਼ਿਆਦਾ ਸੰਭਾਵਨਾਵਾਂ ਹਨ। ਡਾ. ਸਾਹਨੀ ਨੇ ਕਿਹਾ ਕਿ ਭਾਰਤ ਅਤੇ ਦੱਖਣੀ ਅਫ਼ਰੀਕਾ ਵਿਚਕਾਰ ਸਬੰਧ ਮਹਾਤਮਾ ਗਾਂਧੀ ਅਤੇ ਨੈਲਸਨ ਮੰਡੇਲਾ ਦੀ ਸਾਂਝੀ ਵਿਰਾਸਤ ਵਿੱਚ ਜੜ੍ਹੇ ਹੋਏ ਹਨ, ਅਤੇ ਇਸ ਇਤਿਹਾਸਕ ਬੰਧਨ ਨੂੰ ਹੁਣ ਇੱਕ ਹੋਰ ਵੀ ਮਜ਼ਬੂਤ ਆਰਥਿਕ ਭਾਈਵਾਲੀ ਵਿੱਚ ਬਦਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਭਾਰਤ-ਦੱਖਣੀ ਅਫ਼ਰੀਕਾ ਵਪਾਰ ਫੋਰਮ ਦਾ ਆਯੋਜਨ ਨਵੀਂ ਦਿੱਲੀ ਵਿੱਚ ਬ੍ਰਿਕਸ ਸੰਮੇਲਨ ਦੇ ਮੌਕੇ 'ਤੇ ਭਾਰਤੀ ਉਦਯੋਗ ਸੰਘ ਅਤੇ ਵਪਾਰ, ਉਦਯੋਗ ਅਤੇ ਮੁਕਾਬਲੇ ਵਿਭਾਗ, ਦੱਖਣੀ ਅਫ਼ਰੀਕਾ ਦੁਆਰਾ ਕੀਤਾ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਨਾ ਨੇ ਬੀਬੀ ਕਿਰਨਜੋਤ ਕੌਰ ਨੂੰ ਘੇਰਿਆ, ਸਿਆਸੀ ਲਾਹੇ ਲਈ ਕੀਤੀ ਜਾ ਰਹੀ ਬਿਆਨਬਾਜ਼ੀ



**ਨਵੀਂ ਦਿੱਲੀ, 8 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਅਕਾਲੀ ਆਗੂ ਪਰਮਜੀਤ ਸਿੰਘ ਸਰਨਾ ਨੇ ਬੀਬੀ ਕਿਰਨਜੋਤ ਕੌਰ ਵੱਲੋਂ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਸ. ਸੁਖਬੀਰ ਸਿੰਘ ਬਾਦਲ ਨੂੰ ਵੱਖ-ਵੱਖ ਤੌਰ 'ਤੇ ਦੇਖਣ ਦੀ ਕੋਸ਼ਿਸ਼ ਨੂੰ ਸਿਆਸੀ ਲਾਹੇ ਲਈ ਕੀਤੀ ਜਾ ਰਹੀ ਬਿਆਨਬਾਜ਼ੀ ਕਰਾਰ ਦਿੱਤਾ ਹੈ। ਸਰਨਾ ਨੇ ਕਿਹਾ ਕਿ ਦੋਵਾਂ ਬਾਦਲਾਂ ਨੇ ਮਾਸਟਰ ਤਾਰਾ ਸਿੰਘ ਦੀ ਪੰਥਕ ਵਿਰਾਸਤ ਦਾ ਸਤਿਕਾਰ ਕੀਤਾ ਹੈ ਅਤੇ ਕਿਰਨਜੋਤ ਕੌਰ ਦਾ ਸ਼੍ਰੋਮਣੀ ਕਮੇਟੀ ਮੈਂਬਰ ਬਣੇ ਰਹਿਣਾ ਵੀ ਇਸੇ ਅਕਾਲੀ ਵਿਰਾਸਤ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਬੀਬੀ ਕਿਰਨਜੋਤ ਕੌਰ ਖੁਦ ਮੰਨ ਚੁੱਕੇ ਹਨ ਕਿ ਪ੍ਰਕਾਸ਼ ਸਿੰਘ ਬਾਦਲ ਨੇ ਪੰਥਕ ਵਿਰਾਸਤ ਨਾਲ ਜੁੜੇ ਲੋਕਾਂ ਲਈ ਆਪਣੀ ਸਮਰੱਥਾ ਤੋਂ ਵੱਧ ਕੇ ਕੰਮ ਕੀਤਾ ਸੀ। ਸਰਨਾ ਮੁਤਾਬਕ ਸੁਖਬੀਰ ਸਿੰਘ ਬਾਦਲ ਨਵੀਂ ਪੀੜ੍ਹੀ ਦੇ ਆਗੂ ਹਨ ਅਤੇ ਵਿਰਾਸਤ ਦਾ ਸਤਿਕਾਰ ਕਰਦੇ ਹਨ, ਪਰ ਯੋਗਤਾ ਨੂੰ ਪਾਸੇ ਕਰਕੇ ਨਾਸ਼ੁਕਰੇਪਣ, ਅਯੋਗਤਾ ਅਤੇ ਲਗਾਤਾਰ ਸ਼ਿਕਾਇਤਾਂ ਨੂੰ ਸਵੀਕਾਰ ਨਹੀਂ ਕੀਤਾ ਜਾ ਸਕਦਾ। ਬੀਬੀ ਕਿਰਨਜੋਤ ਕੌਰ 'ਤੇ ਹੋਰ ਤਿੱਖਾ ਹਮਲਾ ਕਰਦਿਆਂ ਸਰਨਾ ਨੇ ਉਨ੍ਹਾਂ ਨੂੰ 'ਆਰਮਚੇਅਰ ਤੇ ਫੇਸਬੁੱਕ ਯੋਧਾ' ਦੱਸਿਆ। ਉਨ੍ਹਾਂ ਦੋਸ਼ ਲਾਇਆ ਕਿ ਸਿੱਖੀ ਦੀ ਅਧਿਆਤਮਿਕ ਸਮਝ ਨੂੰ ਡੂੰਘਾ ਕਰਨ ਜਾਂ ਪੰਥ ਲਈ ਕੋਈ ਠੋਸ ਯੋਗਦਾਨ ਪਾਉਣ ਦੀ ਥਾਂ ਉਹ ਸੋਸ਼ਲ ਮੀਡੀਆ 'ਤੇ 'ਖਾਲੀ ਬਿਆਨਬਾਜ਼ੀ' ਤੱਕ ਸੀਮਤ ਹਨ। ਸਰਨਾ ਨੇ ਕਿਹਾ ਕਿ ਬਾਦਲਾਂ ਵਿਚ ਫੁੱਟ ਪਾਉਣ ਦੀ ਕੋਸ਼ਿਸ਼ ਨਾਲ ਬੀਬੀ ਕਿਰਨਜੋਤ ਕੌਰ ਨੂੰ ਉਹ ਸਿਆਸੀ ਲਾਹਾ ਨਹੀਂ ਮਿਲੇਗਾ ਜਿਸ ਦੀ ਉਹ ਆਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਵਿਰਾਸਤ ਵਿਰਸੇ ਵਿਚ ਮਿਲ ਸਕਦੀ ਹੈ ਪਰ ਯੋਗਤਾ, ਪੰਥਕ ਯੋਗਦਾਨ ਅਤੇ ਧਾਰਮਿਕ ਸਮਝ ਕਿਸੇ ਨੂੰ ਵਿਰਸੇ ਵਿਚ ਨਹੀਂ ਮਿਲਦੀ—ਇਹ ਆਪਣੇ ਕਰਮਾਂ ਨਾਲ ਸਾਬਤ ਕਰਨੀ ਪੈਂਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਿਲਾ ਸਟਾਫ਼ ਨੂੰ ਹਟਾਉਣ 'ਤੇ ਬੀ.ਏ.ਪੀ.ਐੱਸ. ਘਿਰੀ, ਔਰਤਾਂ ਦੀ ਭੂਮਿਕਾ 'ਤੇ ਉਠੇ ਸਵਾਲ ਸਿੱਖ ਫੈਡਰੇਸ਼ਨ ਯੂ.ਕੇ. ਵੱਲੋਂ ਜਾਂਚ ਦੀ ਮੰਗ



**ਨਵੀਂ ਦਿੱਲੀ, 9 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-**ਪੈਰਿਸ ਦੇ ਐਫ਼ਿਲ ਟਾਵਰ 'ਤੇ ਬੀ.ਏ.ਪੀ.ਐੱਸ. ਨਾਲ ਜੁੜੇ ਕਰੀਬ 100 ਮੈਂਬਰੀ ਵਫ਼ਦ ਦੇ ਦੌਰੇ ਦੌਰਾਨ ਮਹਿਲਾ ਕਰਮਚਾਰੀਆਂ ਦੀ ਥਾਂ ਪੁਰਸ਼ ਸਟਾਫ਼ ਲਗਾਏ ਜਾਣ ਦੇ ਮਾਮਲੇ ਨੇ ਸੰਸਥਾ ਵਿੱਚ ਮਹਿਲਾਵਾਂ ਦੀ ਸਥਿਤੀ ਅਤੇ ਬਰਾਬਰੀ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਸਿੱਖ ਫੈਡਰੇਸ਼ਨ ਯੂ.ਕੇ. ਦੇ ਦਬਿੰਦਰਜੀਤ ਸਿੰਘ ਨੇ ਕਿਹਾ ਕਿ ਜਾਂਚ ਰਾਹੀਂ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਕੀ ਮਹਿਲਾ ਕਰਮਚਾਰੀਆਂ ਨੂੰ ਹਟਾਉਣ ਲਈ ਕੋਈ ਦਬਾਅ ਪਾਇਆ ਗਿਆ ਸੀ। ਜੇਕਰ ਅਜਿਹਾ ਸਾਬਤ ਹੁੰਦਾ ਹੈ ਤਾਂ ਇਹ ਅਸਵੀਕਾਰਯੋਗ ਹੈ ਅਤੇ ਜ਼ਿੰਮੇਵਾਰਾਂ ਖ਼ਿਲਾਫ਼ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬੀ.ਏ.ਪੀ.ਐੱਸ. ਦੇ ਵਫ਼ਦ ਵਿੱਚ ਮਹਿਲਾਵਾਂ ਦੀ ਘੱਟ ਨੁਮਾਇੰਦਗੀ ਨੇ ਸੰਸਥਾ ਦੀ ਲੀਡਰਸ਼ਿਪ ਅਤੇ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਮਹਿਲਾਵਾਂ ਦੀ ਅਸਲ ਭੂਮਿਕਾ 'ਤੇ ਵੀ ਸਵਾਲ ਖੜ੍ਹੇ ਕੀਤੇ ਹਨ। ਦਬਿੰਦਰਜੀਤ ਸਿੰਘ ਨੇ ਕਿਹਾ ਕਿ ਸਿੱਖ ਸਿਧਾਂਤ ਮਹਿਲਾ ਤੇ ਪੁਰਸ਼ ਨੂੰ ਬਰਾਬਰ ਆਤਮਿਕ ਅਤੇ ਨੈਤਿਕ ਦਰਜਾ ਦਿੰਦੇ ਹਨ; ਇਸ ਲਈ ਮਹਿਲਾਵਾਂ ਨੂੰ ਅਸਲ ਅਧਿਕਾਰ, ਆਵਾਜ਼ ਅਤੇ ਫ਼ੈਸਲਾ ਲੈਣ ਵਿੱਚ ਹਿੱਸੇਦਾਰੀ ਮਿਲਣੀ ਚਾਹੀਦੀ ਹੈ। ਐਫ਼ਿਲ ਟਾਵਰ ਦਾ ਇਹ ਵਿਵਾਦ ਹੁਣ ਬੀ.ਏ.ਪੀ.ਐੱਸ. ਦੀਆਂ ਮਹਿਲਾਵਾਂ ਪ੍ਰਤੀ ਨੀਤੀਆਂ ਦੇ ਨਾਲ-ਨਾਲ ਭਾਰਤੀ ਸਰਕਾਰ ਨਾਲ ਇਸ ਦੇ ਸਬੰਧਾਂ ਅਤੇ ਪੱਛਮੀ ਸਰਕਾਰਾਂ ਵੱਲੋਂ ਅਜਿਹੀਆਂ ਸੰਸਥਾਵਾਂ ਦੀ ਨਿਗਰਾਨੀ ਨੂੰ ਲੈ ਕੇ ਵੀ ਨਵੀਂ ਚਰਚਾ ਦਾ ਕਾਰਨ ਬਣ ਰਿਹਾ ਹੈ। ਇਹ ਵਫ਼ਦ ਪੈਰਿਸ ਵਿੱਚ ਬੀ.ਏ.ਪੀ.ਐੱਸ. ਦੇ ਪਹਿਲੇ ਵੱਡੇ ਮੰਦਰ ਦੇ ਉਦਘਾਟਨ ਤੋਂ ਪਹਿਲਾਂ ਐਫ਼ਿਲ ਟਾਵਰ ਗਿਆ ਸੀ, ਜਿਸ ਨਾਲ ਜੁੜੇ ਸਮਾਗਮ ਨੂੰ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਡੀਓ ਲਿੰਕ ਰਾਹੀਂ ਸੰਬੋਧਨ ਕੀਤਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਨਵੀਆਂ ਵੋਟਾਂ ਬਨਾਉਣ ਦੀ 12 ਸਤੰਬਰ ਆਖਰੀ ਮੌਕਾ, ਨੌਜਵਾਨ ਵੋਟਰ ਇਸ ਦਾ ਲਾਭ ਲੈਣ: ਐਸ ਡੀ ਐਮ ਅਮਨਦੀਪ

**ਪੱਟੀ 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੂਬੇ ਭਰ ਵਿੱਚ ਚੱਲ ਰਹੀ (ਐਸ ਆਈ ਆਰ ਮੁਹਿੰਮ) ਦੌਰਾਨ ਨਵੀਆਂ ਵੋਟਾਂ ਬਨਾਈਆ ਜਾ ਰਹੀਆ ਹਨ ਅਤੇ ਹੁਣ ਇਸ ਮੁਹਿੰਮ ਦੀ ਆਖਰੀ ਮਿਤੀ 12 ਸਤੰਬਰ ਹੈ ਜਿਸ ਦਾ ਹਰੇਕ ਵਰਗ ਖਾਸ ਕਰਕੇ ਨੌਜਵਾਨ ਵੋਟਰਾਂ ਨੂੰ ਲਾਭ ਲੈਣਾ ਚਾਹੀਦਾ ਹੈ। ਇਹ ਪ੍ਰਗਟਾਵਾਂ ਅਮਨਦੀਪ ਸਿੰਘ ਐਸ ਡੀ ਐਮ ਪੱਟੀ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਇਸ ਮੌਕੇ ਐਸ ਡੀ ਐਮ ਪੱਟੀ ਨੇ ਕਿਹਾ ਕਿ ਅੱਜ ਦਸ ਵਜੇ ਤੱਕ 9990 ਦੇ ਕਰੀਬ ਪੋਰਟਲ 'ਤੇ ਨਵੀਆਂ ਬਨਣ ਲਈ ਆਈਆਂ ਹਨ ਅਤੇ ਜਿਹੜੇ ਯੋਗ ਨਾਗਰਿਕ ਦੀ ਨਵੀਂ ਵੋਟ ਨਹੀ ਬਣੀ ਜਾਂ ਫਿਰ ਉਹ ਕਿਸੇ ਕਾਰਨ ਵੋਟਰ ਸੂਚੀ ਵਿੱਚ ਦਰਜ ਹੋਣ ਤੋਂ ਵਾਂਝੇ ਰਹਿ ਗਏ ਹਨ ਹੁਣ ਉਹ ਆਖਰੀ ਤਰੀਕ ਤੋਂ ਪਹਿਲਾਂ ਪਹਿਲਾਂ ਇਸ ਦਾ ਲਾਭ ਲੈ ਕੇ ਆਪਣੀ ਵੋਟ ਬਨਵਾਉਣ ਤਾਂ ਜੋ ਆਪਣੇ ਸੰਵਿਧਾਨਿਕ ਹੱਕ ਦਾ ਇਸਤੇਮਾਲ ਕਰ ਸਕਨ। ਇਸ ਤੋਂ ਇਲਾਵਾ ਵੋਟਰ ਕਾਰਡ ਹਰੇਕ ਨਾਗਰਿਕ ਲਈ ਪਹਿਚਾਣ ਪੱਤਰ ਵਜੋਂ ਜਰੂਰੀ ਹੈ ਕਿਉਕਿ ਨਵੀ ਵੋਟ ਬਨਾਉਣ ਵਾਲੀ ਸਾਇਟ 12 ਸਤੰਬਰ ਨੂੰ ਰਾਤ 12 ਵਜੇਂ ਤੋਂ ਬਾਅਦ ਬੰਦ ਹੋ ਜਾਵੇਗੀ ਅਤੇ ਇਸ ਤੋਂ ਬਾਅਦ ਬਵੀ ਵੋਟ ਨਹੀ ਬਣ ਸਕੇਗੀ। ਕਿਉਕਿ ਇਹ ਵੋਟ ਦੇ ਇਸਤੇਮਾਲ ਤੋਂ ਇਲਾਵਾ ਪਹਿਚਾਣ ਪੱਤਰ ਵਜੋਂ ਕੰਮ ਆਉਦਾ ਹੈ। ਐਸ ਡੀ ਐਮ ਨੇ ਕਿਹਾ ਕਿ ਸਮੂਹ ਬੀਐਲਓ ਨੂੰ ਵੀ ਹਦਾਇਤ ਜਾਰੀ ਗਈ ਹੈ ਉਹ ਹਰੇਕ ਘਰ ਤੱਕ ਪਹੁੰਚ ਕਰਕੇ ਨਵੀਆਂ ਵੋਟਾਂ ਹਰ ਹੀਲੇ ਬਨਾਉਣ ਅਤੇ ਸਮੂਹ ਕਾਲਜਾਂ ਤੇ ਸਕੂਲਾਂ ਵਿੱਚ ਜਾ ਕੇ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਵਿਦਿਆਰਥੀਆਂ ਦੇ ਫਾਰਮ-6 ਭਰਵਾਉਣ ਨੂੰ ਯਕੀਨੀ ਬਣਾਉਣ, ਇਸ ਦੇ ਨਾਲ ਹੀ ਯੋਗ ਨੌਜਵਾਨ ਵੋਟਰ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ। ਇਸ ਮੌਕੇ ਅਮਨਦੀਪ ਸਿੰਘ ਐਸ ਡੀ ਐਮ ਪੱਟੀ ਵੱਲੋਂ ਸਮੂਹ ਸੁਪਰਵਾਈਜਰਾਂ ਤੇ ਬੀ ਐਲ ਓ ਦੀ ਮੀਟਿੰਗ ਕੀਤੀ ਅਤੇ ਵੋਟਾਂ ਬਨਾਉਣ ਦੇ ਕੰਮ ਵਿੱਚ ਤੇਜੀ ਲਿਆਉਣ ਲਈ ਕਿਹਾ ਤਾਂ ਜੋ ਕੋਈ ਵੀ ਵੋਟਰ ਵੋਟ ਬਨਾਉਣ ਤੋਂ ਵਾਝਾ ਨਾ ਰਹੇ ਉਨ੍ਹਾਂ ਲਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਬੀ ਐਲ ਓ ਨਾਲ ਮੇਲ ਨਹੀ ਹੁੰਦਾ ਤਾਂ ਉਹ ਐਸ ਡੀ ਐਮ ਦਫਤਰ ਵਿਖੇ ਸਪਰੰਕ ਕਰਨ ਜਿੱਥੇ ਲੋਕਾਂ ਦੀ ਸਹਾਇਤਾ ਲਈ ਮੈਡਮ ਕੁਲਵਿੰਦਰ ਕੌਰ ਦੀ ਡਿਊਟੀ ਲਗਾਈ ਗਈ ਹੈ।

ਅਕਾਲ ਅਕੈਡਮੀ ਮਹਿਤਾ ਚੌਂਕ ਵਿਖੇ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਜੀ ਵੱਲੋਂ

# ਸੇਂਟ ਸੋਲਜਰ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਨੂੰ "ਵਿੱਦਿਆ ਜੋਤ ਸਨਮਾਨ" ਅਵਾਰਡ ਦੇ ਕਿ ਸਨਮਾਨਿਤ ਕੀਤਾ






ਜੰਡਿਆਲਾ ਗੁਰੂ 9 ਸਤੰਬਰ( ਕੁਲਵੰਤ ਸਿੰਘ ਵਿਰਦੀ ): ਸਿੱਖਿਆ ਦੇ ਖੇਤਰ ਵਿੱਚ ਸਮਰਪਿਤ ਯੋਗਦਾਨ ਦੇਣ ਵਾਲੀਆਂ ਉੱਗੀਆਂ ਸ਼ਖ਼ਸ਼ੀਅਤਾਂ ਨੂੰ ਸਨਮਾਨਿਤ ਕਰਨ ਲਈ ਆਲ ਇੰਡੀਆ ਸਕੂਲ ਐਸੋਸੀਏਸ਼ਨ ਵੱਲੋਂ ਅਕਾਲ ਅਕੈਡਮੀ ਦਮਦਮੀ ਟਕਸਾਲ ਹੈਡਕੁਆਟਰ ਮਹਿਤਾ ਚੌਂਕ ਵਿੱਚ ਇੱਕ ਸ਼ਾਨਦਾਰ ਸਮਾਰੋਹ ਰੱਖਿਆ ਗਿਆ। ਇਸ ਸਮਾਗਮ ਵਿੱਚ 265 ਚੇਅਰ ਪਰਸਨ, ਡਾਇਰੈਕਟਰ ,ਪ੍ਰਿੰਸੀਪਲ, ਮੁੱਖ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਇਸੇ ਤਹਿਤ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਲਈ ਬੜੇ ਮਾਣ ਵਾਲੀ ਗੱਲ ਰਹੀ ਕਿ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਜੀ ਨੂੰ ਉਹਨਾਂ ਦੇ ਸਿੱਖਿਆ ਦੇ ਖੇਤਰ ਵਿੱਚ ਬਹੁਮੁੱਲੇ ਯੋਗਦਾਨ, ਸਮਰਪਨ ਅਤੇ ਸ਼ਾਨਦਾਰ ਅਗਵਾਈ ਲਈ ਵਕਾਰੀ "ਵਿਦਿਆ ਜੋਤ ਸਨਮਾਨ "ਦੇ ਨਾਲ ਦਮਦਮੀ ਟਕਸਾਲ ਦੇ ਮੁੱਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਜੀ ਵੱਲੋਂ ਸਨਮਾਨਿਤ ਕੀਤਾ ਗਿਆ। ਸਕੂਲ ਪਹੁੰਚਣ ਤੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਜੀ ਦਾ ਸ਼ਾਨਦਾਰ ਅਤੇ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਡਾ. ਅਮਰਪ੍ਰੀਤ ਕੌਰ ਜੀ ਨੇ ਪ੍ਰਿੰਸੀਪਲ ਸੰਦੀਪ ਸ਼ਰਮਾ ਜੀ ਨੂੰ ਵਧਾਈ ਦਿੱਤੀ ਅਤੇ ਪ੍ਰਿੰਸੀਪਲ ਦੇ ਅਹੁਦੇ ਤੇ ਉਨਾਂ ਦੀ ਯੋਗ ਅਗਵਾਈ ,ਸਮਰਪਣ , ਲਗਨ, ਕੰਮ ਕਰਨ ਦੀ ਇੱਛਾ ਅਤੇ ਮਿਹਨਤ ਦੀ ਭਰਪੂਰ ਸ਼ਲਾਗਾ ਕੀਤੀ। ਇਸ ਮੌਕੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾ ਕਸ਼ੀ ਗੁਪਤਾ ਅਤੇ ਸਮੂਹ ਸਟਾਫ ਵੱਲੋਂ ਵੀ ਪ੍ਰਿੰਸੀਪਲ ਸਰ ਜੀ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਤੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਜੀ ਨੇ ਆਪਣਾ ਇਹ ਅਵਾਰਡ ਸਕੂਲ ਮੈਨੇਜਮੈਂਟ ਅਤੇ ਸਾਰੇ ਸਟਾਫ ਅਤੇ ਵਿਦਿਆਰਥੀਆਂ ਨੂੰ ਸਮਰਪਿਤ ਕਰਦੇ ਹੋਏ ਆਪਣੇ ਸਟਾਫ ਨਾਲ ਮਿਲ ਕਰਕੇ ਇੱਕ ਟੀਮ ਵਾਂਗ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਨਹਿਰਾ ਬਣਾਉਣ ਦੀ ਗੱਲ ਕਹੀ। ਇਸ ਮੌਕੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਸਕੂਲ ਪਹੁੰਚਣ ਤੇ ਡਾਇਰੈਕਟਰ ਡਾ.ਮੰਗਲ ਸਿੰਘ ਅਤੇ ਸਕੂਲ ਮੈਨੇਜਮੈਂਟ ਨੇ ਸ਼ੁਭਕਾਮਨਾਵਾਂ ਨਾਲ ਸੰਦੀਪ ਸ਼ਰਮਾ ਨੂੰ ਵਧਾਈ ਦਿੱਤੀ**

ਆਨਲਾਈਨ ਗੇਮਿੰਗ ਤੇ ਨਸ਼ਿਆਂ ਖ਼ਿਲਾਫ਼

# ਨੈਸ਼ਨਲ ਅਕਾਲੀ ਦਲ ਛੇੜੇਗਾ ਜਨਅੰਦੋਲਨ : ਪੰਮਾ




ਨਵੀਂ ਦਿੱਲੀ 9 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਨੈਸ਼ਨਲ ਅਕਾਲੀ ਦਲ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਆਨਲਾਈਨ ਗੇਮਿੰਗ ਦੀ ਲਤ ਅਤੇ ਨਸ਼ਿਆਂ ਦੇ ਵਧ ਰਹੇ ਪ੍ਰਕੋਪ ਤੋਂ ਬਚਾਉਣ ਲਈ ਵਿਆਪਕ ਜਨਜਾਗਰੂਕਤਾ ਮੁਹਿੰਮ ਚਲਾਉਣ ਦਾ ਐਲਾਨ ਕੀਤਾ ਹੈ। ਪੰਮਾ ਨੇ ਕਿਹਾ ਕਿ ਆਨਲਾਈਨ ਗੇਮਿੰਗ ਅਤੇ ਨਸ਼ਾ ਹੁਣ ਸਿਰਫ਼ ਨਿੱਜੀ ਸਮੱਸਿਆਵਾਂ ਨਹੀਂ ਰਹੇ, ਸਗੋਂ ਇਹ ਪਰਿਵਾਰਾਂ, ਸਮਾਜ ਅਤੇ ਦੇਸ਼ ਦੇ ਭਵਿੱਖ ਲਈ ਗੰਭੀਰ ਚੁਣੌਤੀ ਬਣ ਚੁੱਕੇ ਹਨ। ਨੈਸ਼ਨਲ ਅਕਾਲੀ ਦਲ ਸਕੂਲਾਂ, ਕਾਲਜਾਂ, ਬਾਜ਼ਾਰਾਂ ਅਤੇ ਸਮਾਜਿਕ ਮੰਚਾਂ ਰਾਹੀਂ ਲੋਕਾਂ ਨੂੰ ਜਾਗਰੂਕ ਕਰੇਗਾ ਅਤੇ 'ਆਨਲਾਈਨ ਗੇਮ ਤੇ ਨਸ਼ਾ ਮੁਕਤ ਭਾਰਤ' ਦਾ ਸੁਨੇਹਾ ਘਰ-ਘਰ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤੇ ਜਾ ਰਹੇ ਯਤਨਾਂ ਦਾ ਉਨ੍ਹਾਂ ਦੀ ਪਾਰਟੀ ਪੂਰਾ ਸਮਰਥਨ ਕਰਦੀ ਹੈ। ਪੰਮਾ ਨੇ ਕਿਹਾ ਕਿ ਸਰਕਾਰੀ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਲੋਕਾਂ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ। ਇਸੇ ਦੌਰਾਨ ਪੰਮਾ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ 27 ਸਤੰਬਰ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਆਜ਼ਾਦੀ ਦੀ ਲੜਾਈ ਵਿੱਚ ਕੁਰਬਾਨੀਆਂ ਦੇਣ ਵਾਲੇ ਕ੍ਰਾਂਤੀਕਾਰੀਆਂ ਨੂੰ ਅਧਿਕਾਰਤ ਤੌਰ 'ਤੇ 'ਸ਼ਹੀਦ' ਦਾ ਦਰਜਾ ਦੇਣ ਦਾ ਐਲਾਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਭਗਤ ਸਿੰਘ, ਰਾਜਗੁਰੂ, ਸੁਖਦੇਵ, ਚੰਦਰਸ਼ੇਖਰ ਆਜ਼ਾਦ, ਅਸ਼ਫਾਕੁੱਲਾ ਖ਼ਾਨ, ਰਾਮ ਪ੍ਰਸਾਦ ਬਿਸਮਿਲ ਸਮੇਤ ਅਨੇਕਾਂ ਕ੍ਰਾਂਤੀਕਾਰੀਆਂ ਦੀਆਂ ਕੁਰਬਾਨੀਆਂ ਦੇਸ਼ ਦੀ ਅਮਿੱਟ ਵਿਰਾਸਤ ਹਨ। ਪੰਮਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਆਨਲਾਈਨ ਗੇਮਿੰਗ ਦੇ ਜਾਲ ਤੋਂ ਕੱਢਣ ਦੇ ਨਾਲ-ਨਾਲ ਉਨ੍ਹਾਂ ਨੂੰ ਕ੍ਰਾਂਤੀਕਾਰੀਆਂ ਦੇ ਸੰਘਰਸ਼, ਸਾਹਸ ਅਤੇ ਕੁਰਬਾਨੀ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ।

**ਭਗਤ ਸਿੰਘ ਜੈਅੰਤੀ 'ਤੇ ਕ੍ਰਾਂਤੀਕਾਰੀਆਂ ਨੂੰ 'ਸ਼ਹੀਦ' ਦਾ ਦਰਜਾ ਦੇਣ ਦਾ ਐਲਾਨ ਕਰੇ ਸਰਕਾਰ**

# ਖੇਡਾਂ ਵਤਨ ਪੰਜਾਬ ਦੀਆਂ 'ਚ ਜ਼ਿਲ੍ਹੇ ਦੇ ਵੱਧ ਤੋਂ ਵੱਧ ਖਿਡਾਰੀ ਹਿੱਸਾ ਲੈਣ: ਡਿਪਟੀ ਕਮਿਸ਼ਨਰ ਪੂਨਮਦੀਪ ਕੌਰ

## ਖੇਡਾਂ ਵਤਨ ਪੰਜਾਬ ਦੀਆਂ ਨੇ ਪੰਜਾਬ ਵਿੱਚ ਖੇਡ ਸੱਭਿਆਚਾਰ ਵਿਕਸਤ ਕੀਤਾ: ਵਿਧਾਇਕ ਨਰਿੰਦਰ ਕੌਰ ਭਰਾਜ



ਸੰਗਰੂਰ ( ਰਣਜੀਤ ਸਿੰਘ ਪੇਧਨੀ )-ਖੇਡਾਂ ਵਤਨ ਪੰਜਾਬ ਦੀਆਂ-2026 ਦੇ ਚੌਥੇ ਸੀਜ਼ਨ ਸਬੰਧੀ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀਮਤੀ ਪੂਨਮਦੀਪ ਕੌਰ ਅਤੇ ਵਿਧਾਇਕ ਸੰਗਰੂਰ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਅੱਜ ਇੱਥੇ ਪ੍ਰੈੱਸ ਕਾਨਫਰੰਸ ਕਰਕੇ ਖੇਡਾਂ ਦੇ ਪ੍ਰਬੰਧਾਂ, ਵੱਖ-ਵੱਖ ਪੱਧਰਾਂ 'ਤੇ ਹੋਣ ਵਾਲੇ ਮੁਕਾਬਲਿਆਂ ਅਤੇ ਖਿਡਾਰੀਆਂ ਲਈ ਉਪਲਬਧ ਮੌਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਵਤਨ ਪੰਜਾਬ ਦੀਆਂ-2026 ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣ ਅਤੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਜ਼ਮੀਨੀ ਪੱਧਰ ਤੱਕ ਲਿਜਾਣ ਅਤੇ ਨੌਜਵਾਨਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੂੰ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਇਨ੍ਹਾਂ ਖੇਡਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਵਾਰ ਇਨ੍ਹਾਂ ਖੇਡਾਂ ਵਿੱਚ 10 ਲੱਖ ਤੱਕ ਦੀ ਭਾਗੀਦਾਰੀ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਲਈ ਖਿਡਾਰੀ ਆਨਲਾਈਨ ਅਤੇ ਆਫਲਾਈਨ ਦੋਵੇਂ ਤਰੀਕਿਆਂ ਨਾਲ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।ਆਫਲਾਈਨ ਰਜਿਸਟ੍ਰੇਸ਼ਨ ਲਈ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਲ 2022 ਵਿੱਚ ਸ਼ੁਰੂ ਕੀਤੀਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਨੇ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਹੁਣ ਤੱਕ ਪੰਜ ਲੱਖ ਤੱਕ ਖਿਡਾਰੀ ਹਿੱਸਾ ਲੈ ਚੁੱਕੇ ਹਨ ਅਤੇ ਇਸ ਵਾਰ 10 ਲੱਖ ਤੱਕ ਭਾਗੀਦਾਰੀ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਖੇਡਾਂ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ, ਮੁਕਾਬਲੇ ਦਾ ਤਜਰਬਾ ਹਾਸਲ ਕਰਨ ਅਤੇ ਅੱਗੇ ਵਧਣ ਲਈ ਵੱਡਾ ਮੰਚ ਪ੍ਰਦਾਨ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ 9 ਉਮਰ ਵਰਗਾਂ ਵਿੱਚ 38 ਖੇਡਾਂ, 1 ਪ੍ਰਦਰਸ਼ਨੀ ਖੇਡ (ਟੈਨਿਸ ਬਾਲ ਕ੍ਰਿਕਟ) ਅਤੇ 4 ਪੈਰਾ ਸਪੋਰਟਸ ਖੇਡਾਂ ਦੇ ਮੁਕਾਬਲੇ ਬਲਾਕ, ਜ਼ਿਲ੍ਹਾ ਅਤੇ ਸੂਬਾ ਪੱਧਰ 'ਤੇ ਕਰਵਾਏ ਜਾ ਰਹੇ ਹਨ। ਮੁੰਡਿਆਂ ਅਤੇ ਕੁੜੀਆਂ ਦੇ ਮੁਕਾਬਲੇ ਵੱਖ-ਵੱਖ ਕਰਵਾਏ ਜਾਣਗੇ। ਜੇਤੂ ਖਿਡਾਰੀਆਂ ਨੂੰ 12 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਦੇ ਨਾਲ ਗ੍ਰੇਡੇਸ਼ਨ ਸਰਟੀਫਿਕੇਟ ਵੀ ਦਿੱਤੇ ਜਾਣਗੇ। ਉਮਰ ਵਰਗਾਂ ਵਿੱਚ ਅੰਡਰ-14, ਅੰਡਰ-17, ਅੰਡਰ-21, 21-30 ਸਾਲ, 31-40 ਸਾਲ, 41-50 ਸਾਲ, 51-60 ਸਾਲ, 61-70 ਸਾਲ ਅਤੇ 70 ਸਾਲ ਤੋਂ ਉੱਪਰ ਦੇ ਵਰਗ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਬਲਾਕ ਪੱਧਰ 'ਤੇ 7 ਖੇਡਾਂ ਦੇ ਮੁਕਾਬਲੇ ਸ਼ੁਰੂ ਹੋ ਚੁੱਕੇ ਹਨ, ਜੋ 18 ਸਤੰਬਰ ਤੱਕ ਚੱਲਣਗੇ। ਇਨ੍ਹਾਂ ਵਿੱਚ ਅਥਲੈਟਿਕਸ, ਖੋ-ਖੋ, ਕਬੱਡੀ (ਨੈਸ਼ਨਲ ਸਟਾਈਲ), ਕਬੱਡੀ (ਸਰਕਲ ਸਟਾਈਲ), ਫੁੱਟਬਾਲ, ਵਾਲੀਬਾਲ (ਸਮੈਸ਼ਿੰਗ) ਅਤੇ ਵਾਲੀਬਾਲ (ਸ਼ੂਟਿੰਗ) ਸ਼ਾਮਲ ਹਨ। 20 ਤੋਂ 30 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਜਾਣਗੇ। ਬਲਾਕ ਪੱਧਰ ਦੀਆਂ 7 ਖੇਡਾਂ ਦੇ ਜੇਤੂਆਂ ਤੋਂ ਇਲਾਵਾ 21 ਖੇਡਾਂ ਦੇ ਮੁਕਾਬਲੇ ਸਿੱਧੇ ਜ਼ਿਲ੍ਹਾ ਪੱਧਰ 'ਤੇ ਹੋਣਗੇ। ਇਸ ਤਰ੍ਹਾਂ ਜ਼ਿਲ੍ਹਾ ਪੱਧਰ 'ਤੇ ਕੁੱਲ 28 ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਇਨ੍ਹਾਂ 21 ਖੇਡਾਂ ਵਿੱਚ ਹੈਂਡਬਾਲ, ਸਾਫਟਬਾਲ, ਜੂਡੋ, ਗਤਕਾ, ਕਿੱਕ ਬਾਕਸਿੰਗ, ਹਾਕੀ, ਨੈਟਬਾਲ, ਬੈਡਮਿੰਟਨ, ਬਾਸਕਟਬਾਲ, ਪਾਵਰਲਿਫਟਿੰਗ, ਲਾਅਨ ਟੈਨਿਸ, ਰੈਸਲਿੰਗ, ਸਵੀਮਿੰਗ, ਬਾਕਸਿੰਗ, ਟੇਬਲ ਟੈਨਿਸ, ਵੇਟਲਿਫਟਿੰਗ, ਚੈੱਸ, ਸ਼ੂਟਿੰਗ, ਫੈਨਸਿੰਗ, ਰੋਲਰ ਸਕੇਟਿੰਗ ਅਤੇ ਆਰਚਰੀ ਸ਼ਾਮਲ ਹਨ। ਇਸੇ ਤਰ੍ਹਾਂ 10 ਅਕਤੂਬਰ ਤੋਂ 23 ਨਵੰਬਰ ਤੱਕ ਸੂਬਾ ਪੱਧਰੀ ਮੁਕਾਬਲੇ ਹੋਣਗੇ। ਜ਼ਿਲ੍ਹਾ ਪੱਧਰ ਦੀਆਂ 28 ਖੇਡਾਂ ਦੇ ਜੇਤੂਆਂ ਤੋਂ ਇਲਾਵਾ 10 ਹੋਰ ਖੇਡਾਂ ਦੇ ਮੁਕਾਬਲੇ ਸਿੱਧੇ ਸੂਬਾ ਪੱਧਰ 'ਤੇ ਕਰਵਾਏ ਜਾਣਗੇ। ਇਸ ਤਰ੍ਹਾਂ ਸੂਬਾ ਪੱਧਰ 'ਤੇ ਕੁੱਲ 38 ਖੇਡਾਂ ਦੇ ਮੁਕਾਬਲੇ ਹੋਣਗੇ। ਇਨ੍ਹਾਂ 10 ਖੇਡਾਂ ਵਿੱਚ ਜਿਮਨਾਸਟਿਕ, ਰੋਇੰਗ, ਕੈਕਿੰਗ-ਕੈਨੋਇੰਗ, ਵੁਸ਼ੂ, ਰਗਬੀ, ਸਾਈਕਲਿੰਗ, ਘੁੜਸਵਾਰੀ, ਤਾਇਕਵਾਂਡੋ, ਬੇਸਬਾਲ ਅਤੇ ਕਰਾਟੇ ਸ਼ਾਮਲ ਹਨ। 25 ਤੋਂ 28 ਨਵੰਬਰ ਤੱਕ ਚਾਰ ਪੈਰਾ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਪੈਰਾ ਪਾਵਰਲਿਫਟਿੰਗ, ਪੈਰਾ ਬੈਡਮਿੰਟਨ, ਵ੍ਹੀਲਚੇਅਰ ਬਾਸਕਟਬਾਲ ਅਤੇ ਪੈਰਾ ਅਥਲੈਟਿਕਸ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਖੇਡ ਮੁਕਾਬਲਿਆਂ ਨੂੰ ਸੁਚੱਜੇ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਸਿਰਫ਼ ਮੁਕਾਬਲੇ ਹੀ ਨਹੀਂ, ਸਗੋਂ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਤੰਦਰੁਸਤ, ਅਨੁਸ਼ਾਸਿਤ ਅਤੇ ਖੇਡਾਂ ਪ੍ਰਤੀ ਸਮਰਪਿਤ ਬਣਾਉਣ ਦਾ ਇੱਕ ਮਹੱਤਵਪੂਰਨ ਉਪਰਾਲਾ ਹਨ। ਇਸ ਮੌਕੇ ਸਹਾਇਕ ਕਮਿਸ਼ਨਰ ਰਾਜਬੀਰ ਸਿੰਘ ਭੰਗੂ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ , ਚੇਅਰਮੈਨ ਨਗਰ ਸੁਧਾਰ ਟਰੱਸਟ ਸੰਗਰੂਰ ਪ੍ਰੀਤਮ ਸਿੰਘ ਪੀਤੂ, ਬਲਾਕ ਪ੍ਰਧਾਨ ਮੂਨਕ/ਲਹਿਰਾਗਾਗਾ ਕਰਮਜੀਤ ਸਿੰਘ ਰਾਜਲਹੇੜੀ ਅਤੇ ਜ਼ਿਲ੍ਹਾ ਪ੍ਰਧਾਨ ਵਿਰਾਸ਼ਤ ਸੇਵਾ ਸੰਗਠਨ ਚਰਨਜੀਤ ਸਿੰਘ ਚੰਨ ਵੀ ਮੌਜੂਦ ਸਨ।

# ਨਸ਼ਿਆਂ ਵਿਰੁੱਧ ਯੁੱਧ ਲੜਦਿਆਂ ਸਰਕਾਰ ਦੇ ਦਬਾਅ ਤੇ ਧੱਕੇਸ਼ਾਹੀ ਕਾਰਨ ਗੁਲਜ਼ਾਰ ਸਿੰਘ ਦੀ ਮੌਤ—ਇੰਜ ਸੁਰਿੰਦਰ ਸਿੰਘ ਭਿੰਡਰ



ਫ਼ਿਰੋਜ਼ਪੁਰ, 09 ਸਤੰਬਰ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਖਜ਼ਾਨਾ ਮੰਤਰੀ ਪੰਜਾਬ ਕੋਲ ਆਪਣੇ ਨਸ਼ੇੜੀ ਪੁੱਤਰ ਦਾ ਵਾਸਤਾ ਪਾਉਂਦਿਆਂ ਨਸ਼ਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਸੀ ਜਿਸ ਤੋਂ ਪ੍ਰੇਸ਼ਾਨ ਹੋਕੇ ਪੁਲਿਸ ਪ੍ਰਸ਼ਾਸਨ ਅਤੇ ਪਿੰਡ ਦੇ ਮੋਹਤਬਰਾਂ ਨੂੰ ਗੁਲਜ਼ਾਰ ਸਿੰਘ ਨੂੰ ਸਭ ਦੇ ਸਾਹਮਣੇ ਜ਼ਲੀਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਪ੍ਰੇਸ਼ਾਨੀ ਵਿੱਚ ਚਲ ਰਹੇ ਗੁਲਜ਼ਾਰ ਸਿੰਘ ਨੇ ਆਪਣੇ—ਆਪ ਨੂੰ ਜ਼ਲੀਲ ਹੁੰਦਿਆਂ ਦੇਖ ਇਸ ਜਲੀਲਤਾ ਨੂੰ ਸਹਾਰ ਨਾ ਸਕਿਆ ਅਤੇ ਉਸ ਨੇ ਹਲਾਤਾਂ ਦਾ ਮੁਕਾਬਲਾ ਨਾ ਕਰ ਸਕਣ ਕਰਕੇ ਸਲਫਾਸ ਨਿਗਲ ਲਈ। ਗੱਲਬਾਤ ਕਰਦਿਆਂ ਇੰਜ. ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਹੈਰਾਨੀ ਦੀ ਗੱਲ ਉਦੋਂ ਹੋਈ ਜਦੋਂ ਵੱਡੇ—ਵੱਡੇ ਹਸਪਤਾਲਾਂ ਨੇ ਵੀ ਉਸ ਦਾ ਇਲਾਜ ਕਰਨ ਤੋਂ ਅਸਮਰਥਾ ਜਤਾਈ, ਇਸ ਦਰਮਿਆਨ ਉਹ ਆਪਣੇ ਨਾਲ ਬੀਤੀ ਨੂੰ ਮੀਡੀਆ ਅਤੇ ਹੋਰ ਲੋਕਾਂ ਨਾਲ ਵੀ ਸਾਂਝਾ ਕਰਦਾ ਰਿਹਾ ਜਿਸ ਵਿੱਚ ਉਹ ਕਹਿ ਰਿਹਾ ਹੈ ਕਿ ਖਜ਼ਾਨਾ ਮੰਤਰੀ ਪੰਜਾਬ ਨੂੰ ਚਿੱਟੇ ਬਾਰੇ ਦਸਣ ਤੇ ਪੰਚਾਇਤ ਨੇ ਮੈਨੂੰ ਮੁਆਫੀ ਮੰਗਣ ਲਈ ਜ਼ੋਰ ਪਾਇਆ, ਅੰਤ ਉਸ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਮੀਡੀਆ ਰਿਪੋਰਟਾਂ ਅਨੁਸਾਰ ਸਰਕਾਰ ਧੱਕੇਸ਼ਾਹੀ ਕਰਨ ਤੋਂ ਫਿਰ ਵੀ ਨਹੀਂ ਰੁਕੀ ਅਤੇ ਜ਼ਬਰੀ ਉਸ ਦਾ ਸੰਸਕਾਰ ਕਰ ਦਿੱਤਾ ਗਿਆ। ਇੰਜ. ਭਿੰਡਰ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਸਰਕਾਰਾਂ ਦੇ ਨਾਦਰਸ਼ਾਹੀ ਅਤੇ ਤਾਨਾਸ਼ਾਹੀ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਇਸ ਦੀ ਸੀ.ਬੀ.ਆਈ ਇਨਕੁਆਰੀ ਦੀ ਮੰਗ ਕਰਦੀ ਹੈ, ਜਿਹੜੇ ਵੀ ਲੋਕ ਇਸ ਕਤਲਕਾਂਡ ਵਿਚ ਸ਼ਾਮਿਲ ਹਨ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

ਵਿਸ਼ੇਸ਼ ਬੱਚਿਆਂ ਦੀਆਂ ਮੁਸ਼ਕਲਾਂ ਸੁਣਨ ਪਹੁੰਚੇ

# ਸਾਈਂ ਮੀਆ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ



## ਕਟੋਰਾ ਵਿਖੇ ਭਗਤ ਪੂਰਨ ਸਿੰਘ ਪਿੰਗਲਵਾੜਾ ਵੱਲੋਂ ਚਲਾਏ ਜਾ ਰਹੇ ਸਕੂਲ ਦੇ ਬੱਚਿਆਂ ਲਈ ਬੱਸ ਸਟਾਪ ਬਣਾਉਣ ਦਾ ਭਰੋਸਾ

ਫ਼ਿਰੋਜ਼ਪੁਰ, 09 ਸਤੰਬਰ (ਮਨੋਹਰ ਲਾਲ) :— ਪਿੰਡ ਕਟੋਰਾ ਵਿਖੇ ਭਗਤ ਪੂਰਨ ਸਿੰਘ ਪਿੰਗਲਵਾੜਾ ਅੰਮ੍ਰਿਤਸਰ ਵੱਲੋਂ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਚਲਾਏ ਜਾ ਰਹੇ ਸਕੂਲ ਵਿੱਚ ਕਰੀਬ 50 ਬੱਚੇ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਨ੍ਹਾਂ ਬੱਚਿਆਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਸਕੂਲ ਦੀਆਂ ਲੋੜਾਂ ਦਾ ਜਾਇਜ਼ਾ ਲੈਣ ਲਈ ਅੱਜ ਸਾਈਂ ਮੀਆ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਵੱਲੋਂ ਸਕੂਲ ਦਾ ਵਿਸ਼ੇਸ਼ ਦੌਰਾ ਕੀਤਾ ਗਿਆ।

ਇਸ ਮੌਕੇ ਦਲਜੀਤ ਸਿੰਘ ਸਿੱਧੂ ਨੇ ਬੱਚਿਆਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਲਈ ਅਤੇ ਸਕੂਲ ਦੇ ਪ੍ਰਿੰਸੀਪਲ ਤੇ ਸਟਾਫ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਭਗਤ ਪੂਰਨ ਸਿੰਘ ਪਿੰਗਲਵਾੜਾ ਦੇ ਹੈਡ ਆਫ਼ਿਸ ਅੰਮ੍ਰਿਤਸਰ ਨਾਲ ਗੱਲਬਾਤ ਕਰਕੇ ਸਕੂਲ ਦੀਆਂ ਜ਼ਰੂਰਤਾਂ ਅਤੇ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸਕੂਲ ਪ੍ਰਬੰਧਕਾਂ ਵੱਲੋਂ ਮੁੱਖ ਤੌਰ ’ਤੇ ਦੱਸਿਆ ਗਿਆ ਕਿ ਸਕੂਲ ਦੇ ਬੱਚਿਆਂ ਲਈ ਆਉਣ—ਜਾਣ ਵਾਸਤੇ ਬੱਸਾਂ ਦੇ ਰੁਕਣ ਲਈ ਕੋਈ ਢੁਕਵਾਂ ਬੱਸ ਸਟਾਪ ਨਹੀਂ ਹੈ। ਇਸ ਕਾਰਨ ਬੱਚਿਆਂ ਨੂੰ ਕਾਫ਼ੀ ਮੁਸ਼ਕਲ ਅਤੇ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ। ਸਕੂਲ ਵੱਲੋਂ ਇਥੇ ਬੱਚਿਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਛੋਟਾ ਅਤੇ ਸੁਚੱਜਾ ਬੱਸ ਸਟਾਪ ਬਣਾਉਣ ਦੀ ਮੰਗ ਰੱਖੀ ਗਈ। ਇਸ ਮੰਗ ਨੂੰ ਗੰਭੀਰਤਾ ਨਾਲ ਲੈਂਦਿਆਂ ਦਲਜੀਤ ਸਿੰਘ ਸਿੱਧੂ ਨੇ ਸਕੂਲ ਪ੍ਰਬੰਧਕਾਂ ਨੂੰ ਭਰੋਸਾ ਦਿਵਾਇਆ ਕਿ ਸਾਈਂ ਮੀਆ ਮੀਰ ਫਾਊਂਡੇਸ਼ਨ ਵੱਲੋਂ ਜਲਦ ਹੀ ਫਿਰੋਜ਼ਪੁਰ ਦੀ ਡੀ.ਸੀ. ਮੈਡਮ ਨਾਲ ਮੁਲਾਕਾਤ ਕਰਕੇ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਅਤੇ ਪੱਕਾ ਬੱਸ ਸਟਾਪ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਗੱਲਬਾਤ ਕਰਦਿਆਂ ਦਲਜੀਤ ਸਿੰਘ ਸਿੱਧੂ ਨੇ ਕਿਹਾ ਕਿ ਜਦੋਂ ਤੱਕ ਪੱਕੇ ਬੱਸ ਸਟਾਪ ਲਈ ਸਰਕਾਰੀ ਕਾਰਵਾਈ ਪੂਰੀ ਹੁੰਦੀ ਹੈ, ਉਦੋਂ ਤੱਕ ਫਾਊਂਡੇਸ਼ਨ ਦੀ ਟੀਮ ਵੱਲੋਂ ਆਪਣੇ ਪੱਧਰ ’ਤੇ ਸਫ਼ਾਈ ਕਰਵਾ ਕੇ ਇੱਕ ਆਰਜ਼ੀ (ਟੈਂਪਰੇਰੀ) ਬੱਸ ਸਟਾਪ ਤਿਆਰ ਕੀਤਾ ਜਾਵੇਗਾ ਤਾਂ ਜੋ ਬੱਚਿਆਂ ਨੂੰ ਤੁਰੰਤ ਸਹੂਲਤ ਮਿਲ ਸਕੇ। ਇਸ ਦੇ ਨਾਲ ਸਕੂਲ ਦੇ ਆਲੇ—ਦੁਆਲੇ ਸਫ਼ਾਈ, ਲੋੜੀਂਦੇ ਬੋਰਡ ਅਤੇ ਸਾਈਨ ਬੋਰਡ ਲਗਾਉਣ ਸਬੰਧੀ ਵੀ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਸਕੂਲ ਸਟਾਫ਼ ਵੱਲੋਂ ਸਾਈਂ ਮੀਆ ਮੀਰ ਫਾਊਂਡੇਸ਼ਨ ਅਤੇ ਦਲਜੀਤ ਸਿੰਘ ਸਿੱਧੂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਕਿਹਾ ਗਿਆ ਕਿ ਬੱਚਿਆਂ ਦੀਆਂ ਸਮੱਸਿਆਵਾਂ ਨੂੰ ਸਮਝਦਿਆਂ ਉਨ੍ਹਾਂ ਦੇ ਹੱਲ ਲਈ ਅੱਗੇ ਆਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਦਲਜੀਤ ਸਿੰਘ ਸਿੱਧੂ ਨੇ ਬੱਚਿਆਂ ਨੂੰ ਪਿਆਰ ਨਾਲ ਮਿਲਦਿਆਂ ਉਨ੍ਹਾਂ ਨੂੰ ਅਸ਼ੀਰਵਾਦ ਦਿੱਤਾ ਅਤੇ ਕਿਹਾ ਕਿ ਸਮਾਜ ਦੀ ਅਸਲ ਸੇਵਾ ਉਨ੍ਹਾਂ ਲੋਕਾਂ ਦੇ ਨਾਲ ਖੜ੍ਹਨਾ ਹੈ, ਜਿਨ੍ਹਾਂ ਨੂੰ ਕੁਦਰਤ ਨੇ ਸਰੀਰਕ ਤੌਰ ’ਤੇ ਕੁਝ ਕਮੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਨੂੰ ਤਰਸ ਦੀ ਨਹੀਂ, ਪਿਆਰ, ਸਤਿਕਾਰ, ਸਿੱਖਿਆ, ਸਹੂਲਤਾਂ ਅਤੇ ਬਰਾਬਰ ਦੇ ਮੌਕਿਆਂ ਦੀ ਲੋੜ ਹੈ। ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਇਨ੍ਹਾਂ ਬੱਚਿਆਂ ਦਾ ਹੌਸਲਾ ਬਣੀਏ ਅਤੇ ਉਨ੍ਹਾਂ ਨੂੰ ਇਹ ਮਹਿਸੂਸ ਨਾ ਹੋਣ ਦੇਈਏ ਕਿ ਉਹ ਸਮਾਜ ਤੋਂ ਵੱਖਰੇ ਹਨ। ਜ਼ਿਕਰਯੋਗ ਹੈ ਕਿ ਸਾਈਂ ਮੀਆ ਮੀਰ ਫਾਊਂਡੇਸ਼ਨ ਵੱਲੋਂ ਸਮਾਜ ਦੇ ਲੋੜਵੰਦ, ਬੇਸਹਾਰਾ ਅਤੇ ਵਿਸ਼ੇਸ਼ ਲੋੜਾਂ ਵਾਲੇ ਲੋਕਾਂ ਦੀ ਮਦਦ ਲਈ ਸਮੇਂ—ਸਮੇਂ ’ਤੇ ਵੱਖ—ਵੱਖ ਸੇਵਾ ਕਾਰਜ ਕੀਤੇ ਜਾਂਦੇ ਹਨ।

ਗੁਰਦੁਆਰਾ ਕਮੇਟੀਆਂ ਦੇ ਮੁਲਾਜ਼ਮਾਂ ਦੀਆਂ ਨਾਮਾਤਰ (ਮਾਮੂਲੀ) ਤਨਖਾਹਾਂ ’ਤੇ ਵੱਡੇ ਸਵਾਲ

# 8,500 ਤੋਂ 10,000 ਵਿੱਚ ਪਰਿਵਾਰ ਪਾਲਣਾ ਅਤੇ ਬੱਚੇ ਪੜ੍ਹਾਉਣਾ ਅਸੰਭਵ

☛ ਸਿੱਖ ਕੌਮ ਦੇ ਭਵਿੱਖ ਨਾਲ ਖਿਲਵਾੜ: ਉੱਚ ਸਿੱਖਿਆ ਤੋਂ ਵਾਂਝੇ ਰਹਿ ਕੇ ਕਿਵੇਂ ਮਿਲੇਗਾ ਕੌਮ ਨੂੰ ਇਨਸਾਫ਼ ਅਤੇ ਉੱਚੇ ਅਹੁਦੇ ? ☛ ਕਮੇਟੀਆਂ ਦੇ ਪ੍ਰਧਾਨ, ਅੰਤਰਿੰਗ ਕਮੇਟੀਆਂ ਅਤੇ ਮੇਨ ਮੈਂਬਰ ਸਾਹਿਬਾਨ ਅੱਗੇ ਪੁਰਜ਼ੋਰ ਮੰਗ ਤੇ ਬੇਨਤੀ: ਘੱਟੋ-ਘੱਟ ਤਨਖਾਹ 25,000 ਰੁਪਏ ਕਰਨ ’ਤੇ ਦਿੱਤਾ ਜਾਵੇ ਧਿਆਨ

ਅੱਜ ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਤੇ ਪ੍ਰਬੰਧਕੀ ਅਦਾਰਿਆਂ—ਜਿਵੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਅੰਮ੍ਰਿਤਸਰ), ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਕੁਰੂਕਸ਼ੇਤਰ) ਵਰਗੀਆਂ ਵੱਡੀਆਂ ਸੰਸਥਾਵਾਂ ਅੰਦਰ ਸੇਵਾ ਨਿਭਾ ਰਹੇ ਸਮੂਹ ਮੁਲਾਜ਼ਮਾਂ ਦੀਆਂ ਆਰਥਿਕ ਸਥਿਤੀਆਂ ’ਤੇ ਇੱਕ ਬਹੁਤ ਹੀ ਗੰਭੀਰ ਅਤੇ ਵਜਨਦਾਰ ਸਵਾਲ ਖੜ੍ਹਾ ਹੁੰਦਾ ਹੈ। ਅੱਜ ਦੇ ਮਹਿੰਗਾਈ ਦੇ ਦੌਰ ਵਿੱਚ, ਜਿੱਥੇ ਆਮ ਗੁਜ਼ਾਰਾ ਕਰਨਾ ਵੀ ਔਖਾ ਹੋ ਚੁੱਕਾ ਹੈ, ਉੱਥੇ ਇਨ੍ਹਾਂ ਗੁਰਦੁਆਰਾ ਕਮੇਟੀਆਂ ਅਧੀਨ ਵੱਖ-ਵੱਖ ਅਹੁਦਿਆਂ ’ਤੇ ਦਿਨ-ਰਾਤ ਨਿਸ਼ਕਾਮ ਭਾਵ ਅਤੇ ਮਿਹਨਤ ਨਾਲ ਸੇਵਾ ਕਰਨ ਵਾਲੇ ਸੇਵਾਦਾਰਾਂ, ਗ੍ਰੰਥੀ ਸਿੰਘਾਂ, ਰਾਗੀ ਸਿੰਘਾਂ, ਪ੍ਰਚਾਰਕਾਂ ਅਤੇ ਦਫ਼ਤਰੀ ਮੁਲਾਜ਼ਮਾਂ ਨੂੰ ਮਾਤਰ 8,500, 9,500 ਜਾਂ 10,000-11,000 ਰੁਪਏ ਮਹੀਨਾ ਤਨਖਾਹ ਦਿੱਤੀ ਜਾ ਰਹੀ ਹੈ। ਇਹ ਇੱਕ ਕੜਵਾ ਸੱਚ ਹੈ ਕਿ ਇੰਨੀ ਨਾਮਾਤਰ (ਮਾਮੂਲੀ) ਰਕਮ ਨਾਲ ਅੱਜ ਦੇ ਸਮੇਂ ਵਿੱਚ ਇੱਕ ਚੰਗੇ ਸਕੂਲ ਦੇ ਬੱਚੇ ਦੀ ਮਹੀਨੇ ਦੀ ਫ਼ੀਸ ਵੀ ਨਹੀਂ ਭਰੀ ਜਾ ਸਕਦੀ, ਪਰਿਵਾਰ ਦਾ ਰਾਸ਼ਨ, ਦਵਾਈਆਂ ਅਤੇ ਹੋਰ ਘਰੇਲੂ ਖਰਚੇ ਚਲਾਉਣੇ ਤਾਂ ਦੂਰ ਦੀ ਗੱਲ ਹੈ। ਗੁਰਦੁਆਰਾ ਪ੍ਰਬੰਧਕਾਂ ਨੂੰ ਇਹ ਗੰਭੀਰਤਾ ਨਾਲ ਸੋਚਣਾ ਪਵੇਗਾ ਕਿ ਇੰਨੀਆਂ ਘੱਟ ਤਨਖਾਹਾਂ ਨਾਲ ਇੱਕ ਸੇਵਾਦਾਰ ਆਪਣੇ ਪਰਿਵਾਰ ਨੂੰ ਸਨਮਾਨਜਨਕ ਜੀਵਨ ਕਿਵੇਂ ਦੇ ਸਕਦਾ ਹੈ ? ਇਸ ਮਸਲੇ ਦਾ ਸਭ ਤੋਂ ਦੁਖਦਾਈ ਅਤੇ ਚਿੰਤਾਜਨਕ ਪਹਿਲੂ ਇਹ ਹੈ ਕਿ ਇਸ ਆਰਥਿਕ ਸ਼ੋਸ਼ਣ ਦਾ ਸਿੱਧਾ ਅਸਰ ਸਾਡੀ ਆਉਣ ਵਾਲੀ ਪੀੜ੍ਹੀ ਦੀ ਸਿੱਖਿਆ ’ਤੇ ਪੈ ਰਿਹਾ ਹੈ। ਅੱਜ ਸਿੱਖ ਕੌਮ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਆਪਣੇ ਬੱਚਿਆਂ ਨੂੰ ਉੱਚ ਪੱਧਰੀ, ਮਿਆਰੀ ਅਤੇ ਮੁਕਾਬਲੇਬਾਜ਼ੀ ਵਾਲੀ ਸਿੱਖਿਆ ਦੇਣਾ ਹੈ। ਜੇਕਰ ਗੁਰਦੁਆਰਾ ਕਮੇਟੀਆਂ ਦੇ ਮੁਲਾਜ਼ਮਾਂ ਦੇ ਬੱਚੇ ਪੈਸਿਆਂ ਦੀ ਘਾਟ ਕਰਕੇ ਚੰਗੇ ਸਕੂਲਾਂ, ਕਾਲਜਾਂ ਜਾਂ ਯੂਨੀਵਰਸਿਟੀਆਂ ਵਿੱਚ ਨਹੀਂ ਪੜ੍ਹ ਸਕਣਗੇ, ਤਾਂ ਉਹ ਆਈ.ਏ.ਐੱਸ., ਆਈ.ਪੀ.ਐੱਸ., ਨਿਆਇਕ ਸੇਵਾਵਾਂ (ਜੱਜ), ਪ੍ਰਸ਼ਾਸਨਿਕ ਅਹੁਦਿਆਂ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਵੱਡੀਆਂ ਨੀਤੀ-ਨਿਰਮਾਣ ਸੰਸਥਾਵਾਂ ਵਿੱਚ ਕਿਵੇਂ ਪਹੁੰਚਣਗੇ ? ਇਤਿਹਾਸ ਗਵਾਹ ਹੈ ਕਿ ਉਹੀ ਕੌਮਾਂ ਸਮਾਜਿਕ ਅਤੇ ਰਾਜਨੀਤਿਕ ਤੌਰ ’ਤੇ ਮਜ਼ਬੂਤ ਹੁੰਦੀਆਂ ਹਨ, ਜਿਨ੍ਹਾਂ ਦੇ ਨੌਜਵਾਨ ਉੱਚ ਅਹੁਦਿਆਂ ’ਤੇ ਬੈਠ ਕੇ ਨਿਆਂ ਅਤੇ ਹੱਕਾਂ ਦੀ ਰਾਖੀ ਕਰਦੇ ਹਨ। ਜੇਕਰ ਸਾਡੇ ਆਪਣੇ ਹੀ ਘਰ ਅੰਦਰ ਸੇਵਾ ਕਰਨ ਵਾਲਿਆਂ ਦੇ ਬੱਚੇ ਸਿੱਖਿਆ ਤੋਂ ਵਾਂਝੇ ਰਹਿ ਗਏ, ਤਾਂ ਕੌਮ ਲਈ ਇਨਸਾਫ਼ ਦੀ ਲੜਾਈ ਲੜਨ ਵਾਲੀ ਯੋਗ ਪੀੜ੍ਹੀ ਕਿਵੇਂ ਤਿਆਰ ਹੋਵੇਗੀ ? ਇਸ ਲਈ ਇਹ ਸਮੇਂ ਦੀ ਮੁੱਖ ਲੋੜ ਹੈ ਕਿ ਸ਼੍ਰੋਮਣੀ ਕਮੇਟੀ, ਦਿੱਲੀ ਕਮੇਟੀ ਅਤੇ ਹਰਿਆਣਾ ਕਮੇਟੀ ਦੇ ਮਾਨਯੋਗ ਪ੍ਰਧਾਨ ਸਾਹਿਬਾਨ, ਅੰਤਰਿੰਗ ਕਮੇਟੀਆਂ ਅਤੇ ਪ੍ਰਬੰਧ ਦੇ ਮੁੱਖ ਮੈਂਬਰ ਸਾਹਿਬਾਨ ਆਪਣੀ ਨੈਤਿਕ ਜ਼ਿੰਮੇਵਾਰੀ ਸਮਝਦੇ ਹੋਏ ਇਸ ਮਸਲੇ ਨੂੰ ਬੇਹੱਦ ਗੰਭੀਰਤਾ ਨਾਲ ਲੈਣ। ਕਮੇਟੀਆਂ ਦੇ ਮੁੱਖ ਪ੍ਰਬੰਧਕਾਂ ਅੱਗੇ ਇਹ ਨਿਮਰਤਾ ਸਹਿਤ ਬੇਹੱਦ ਅਹਿਮ ਮੰਗ ਅਤੇ ਬੇਨਤੀ ਹੈ ਕਿ ਉਹ ਤੁਰੰਤ ਮੀਟਿੰਗਾਂ ਕਰਕੇ ਗੁਰਦੁਆਰਾ ਸਾਹਿਬਾਨ ਦੇ ਸਮੂਹ ਮੁਲਾਜ਼ਮਾਂ ਦੀ ਘੱਟੋ-ਘੱਟ (ਮਿਨੀਮਮ) ਤਨਖਾਹ ਤੁਰੰਤ ਪ੍ਰਭਾਵ ਨਾਲ ਘੱਟੋ-ਘੱਟ 25,000 ਰੁਪਏ ਮਹੀਨਾ ਨਿਸ਼ਚਿਤ ਕਰਨ ’ਤੇ ਹਮਦਰਦੀ ਨਾਲ ਵਿਚਾਰ ਕਰਨ। ਕਰੋੜਾਂ-ਅਰਬਾਂ ਰੁਪਏ ਦੇ ਬਜਟ ਪਾਸ ਕਰਨ ਵਾਲੀਆਂ ਕਮੇਟੀਆਂ ਅਤੇ ਉਨ੍ਹਾਂ ਦੇ ਮੁੱਖ ਅਹੁਦੇਦਾਰਾਂ ਲਈ ਆਪਣੇ ਹੀ ਧਾਰਮਿਕ ਪਰਿਵਾਰ ਦਾ ਢਿੱਡ ਭਰਨਾ ਅਤੇ ਉਨ੍ਹਾਂ ਦੇ ਬੱਚਿਆਂ ਦੇ ਭਵਿੱਖ ਨੂੰ ਰੋਸ਼ਨ ਕਰਨਾ ਕੋਈ ਵੱਡੀ ਗੱਲ ਨਹੀਂ ਹੈ। ਜੇਕਰ ਪ੍ਰਬੰਧਕ ਆਪਣੇ ਮੁਲਾਜ਼ਮਾਂ ਨੂੰ ਆਤਮ-ਸਨਮਾਨ ਅਤੇ ਚੰਗਾ ਜੀਵਨ ਪੱਧਰ ਦੇਣਗੇ, ਤਾਂ ਹੀ ਕੌਮ ਦਾ ਭਵਿੱਖ ਉੱਜਵਲ ਅਤੇ ਮਜ਼ਬੂਤ ਹੋ ਸਕੇਗਾ।

**-ਪਰਗਟ ਸਿੰਘ ਬਲਬੇੜਾ, 9022000070**

# ਥਾਣਾ ਤਰਸਿੱਕਾ ਦੀ ਪੁਲਿਸ ਪਾਰਟੀ ਵੱਲੋਂ ਨਾਕੇ ਦੌਰਾਨ 100 ਗ੍ਰਾਮ ਹੈਰੋਇਨ ਸਮੇਤ ਦੋ ਨੌਜਵਾਨ ਕੀਤੇ ਕਾਬੂ



**ਜੰਡਿਆਲਾ ਗੁਰੂ, 9 ਸਤੰਬਰ (ਕੁਲਵੰਤ ਸਿੰਘ ਵਿਰਦੀ )**-ਸੀਨੀਅਰ ਪੁਲਿਸ ਅਧਿਕਾਰੀਆਂ, ਦੀਆਂ ਹਦਾਇਤਾਂ ਤੇ ਭੈੜੇ ਪੁਰਸ਼ਾਂ ਦੇ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਏ ਐਸ ਆਈ ਨਰਿੰਦਰਪਾਲ ਸਿੰਘ ਚੌਂਕੀ ਇੰਚਾਰਜ ਟਾਂਗਰਾ, ਏ ਐਸ ਆਈ ਹਜਾਰਾ ਸਿੰਘ,ਵਲੋਂ ਪੁਲਿਸ ਪਾਰਟੀ ਸਮੇਤ , ਕੋਟਲਾ ਬੁਥੰਨਗੜ੍ਹ ਟੀ ਪੁਆਇੰਟ ਉੱਪਰ ਵਹੀਕਲਾਂ ਦੀ ਚੈਕਿੰਗ ਕਰ ਰਹੇ ਸਨ ਇਸ ਸਬੰਧੀ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆ ਹੋਇਆ ਦਰਸਾਇਆ ਗਿਆ ਕਿ ਪੁਲਿਸ ਪਾਰਟੀ ਨੂੰ ਨਾਕੇ ਦੌਰਾਨ ਦੋ ਮੋਨੇ ਨੌਜਵਾਨ ਐਕਟਿਵਾ ਤੇ ਆਉਂਦੇ ਦਿਖਾਈ ਦਿੱਤੇ, ਜਦੋਂ ਉਹਨਾਂ ਨੂੰ ਹੱਥ ਦੇ ਕੇ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਉਹ ਘਬਰਾ ਕੇ ਆਪਣੀ ਐਕਟਿਵਾ ਨੂੰ ਪਿੱਛੇ ਨੂੰ ਮੋੜਨ ਲੱਗੇ ਤਾਂ ਅਚਾਨਕ ਹੀ ਐਕਟਿਵਾ ਸਲਿਪ ਹੋਣ ਕਾਰਨ ਦੋਵੇਂ ਨੌਜਵਾਨ ਡਿੱਗ ਪਏ ਜਦੋਂ ਪੁਲਿਸ ਪਾਰਟੀ ਵੱਲੋਂ ਸਖਤੀ ਨਾਲ ਉਹਨਾਂ ਦੀ ਪੁਛਗਿੱਛ ਕੀਤੀ ਤਾਂ ਉਨਾਂ ਕੋਲੋਂ 100 ਗ੍ਰਾਮ ਹੈਰੋਇਨ ਅਤੇ 1100 ਰੁਪਏ ਭਾਰਤੀ ਕਰੰਸੀ ਬਰਾਮਦ ਕੀਤੀ ਗਈ ਉਹਨਾਂ ਦੋਵਾਂ ਨੌਜਵਾਨਾਂ ਨੇ ਮੰਨਿਆ ਕਿ, ਅਸੀਂ ਦੋਵੇਂ ਜਾਣੇ ਹੈਰੋਇਨ ਰਲ ਕੇ ਖਰੀਦ ਕਰਕੇ ਅੱਗੇ ਗ੍ਰਾਹਕਾਂ ਨੂੰ ਵੇਚਦੇ ਹਾਂ।, ਤੇ ਇਹ ਜੋ 1100 ਰੁਪਏ ਸਾਡੇ ਕੋਲ ਹਨ ਇਹ ਵੀ ਅਸੀਂ ਹੈਰੋਇਨ ਵੇਚ ਕੇ ਹੀ ਵੱਟੇ ਹਨ। ਇਸ ਮੌਕੇ ਪੁਛਗਿੱਛ ਦੌਰਾਨ ਮੋਪਡ ਚਾਲਕ ਨੇ ਆਪਣਾ ਨਾਮ ਬਲਰਾਜ ਸਿੰਘ ਉਰਫ ਬਾਜ ਪੁੱਤਰ ਨਿਸ਼ਾਨ ਸਿੰਘ ਵਾਸੀ ਮਿਰਜਾਪੁਰ ਥਾਣਾ ਢਿੱਲਵਾਂ ਜਿਲਾ ਕਪੂਰਥਲਾ ਦੱਸਿਆਂ ਅਤੇ ਮੋਪਡ ਤੇ ਪਿੱਛੇ ਬੈਠੇ ਨੌਜਵਾਨ ਨੇ ਆਪਣਾ ਨਾਮ ਗੁਰਨੂਰ ਸਿੰਘ ਉਰਫ ਨੂਰ ਪੁੱਤਰ ਬਲਜਿੰਦਰ ਸਿੰਘ ਵਾਸੀ ਮਿਆਣੀ ਬਾਕਰਪੁਰ ਥਾਣਾ ਢਿੱਲਵਾਂ ਜਿਲ੍ਹਾ ਕਪੂਰਥਲਾ ਦੱਸਿਆ ।ਅੱਗੇ ਇਸ ਸੰਬੰਧੀ ਏ ਐਸ ਆਈ ਨਰਿੰਦਰ ਪਾਲ ਸਿੰਘ ਨੇ ਦੱਸਿਆ ਕਿ, ਇਹਨਾਂ ਦੋਵਾਂ ਨੌਜਵਾਨਾਂ ਦੇ ਖਿਲਾਫ, ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਐਸ.ਪੀ ਲਬਾਣਾ ਸਿੱਖ ਕੌਮ ਤੇ ਰਾਜਪੂਤ ਭਾਈਚਾਰੇ ਤੋਂ ਮੰਗੇ ਮਾਫ਼ੀ—ਕੌਮੀ ਪ੍ਰਧਾਨ ਫੁਲਰਵੰਨੀਆ

ਫ਼ਿਰੋਜ਼ਪੁਰ, 09 ਸਤੰਬਰ (ਮਨੋਹਰ ਲਾਲ) :— ਕਾਂਗਰਸ ਦੀ ਲੁਧਿਆਣਾ ਵਿਖੇ ਰਾਜਾ ਵੜਿੰਗ ਦੀ ਪ੍ਰਧਾਨਗੀ ਹੇਠ ਹੋਈ ਰੈਲੀ ਦੌਰਾਨ ਸੀਨੀਅਰ ਕਾਂਗਰਸੀ ਆਗੂ ਐਸ.ਪੀ ਲਬਾਣਾ ਵੱਲੋਂ ਭੱਦੀ ਸ਼ਬਦਾਵਲੀ ਅਤੇ ਅਪਮਾਨਜਨਕ ਜਾਤੀ ਸੂਚਕ ਸ਼ਬਦ ਵਰਤ ਕੇ ਸਾਡਾ ਘੋਰ ਅਪਮਾਨ ਕੀਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਵਿਸ਼ਵ ਸਿੱਖ ਰਾਜਪੂਤ ਭਾਈਚਾਰੇ ਦੇ ਪੰਜਾਬ ਦੇ ਵਾਇਸ ਚੇਅਰਮੈਨ ਅਤੇ ਸ਼ਹੀਦ ਭਾਈ ਮਨੀ ਸਿੰਘ ਬਾਬਾ ਬਚਿੱਤਰ ਸਿੰਘ ਵੈਲਫੇਅਰ ਸੋਸਾਇਟੀ ਪੰਜਾਬ ਦੇ ਕੋਮੀ ਪ੍ਰਧਾਨ ਭਾਈ ਲਖਵਿੰਦਰ ਸਿੰਘ ਫੁਲਰਵੰਨੀਆ ਅਤੇ ਪੰਜਾਬ ਪ੍ਰਧਾਨ ਭਾਈ ਸੋਹਣ ਸਿੰਘ ਖਾਲਸਾ ਨੇ ਕਿਹਾ ਕੇ ਸਾਡੀ ਕੌਮ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਬਾਰੇ ਭੱਦੀ ਸ਼ਬਦਾਵਲੀ ਅਤੇ ਅਪਮਾਨਜਨਕ ਜਾਤੀ ਸੂਚਕ ਸ਼ਬਦ ਵਰਤ ਕੇ ਘੋਰ ਅਪਮਾਨ ਕੀਤਾ ਗਿਆ, ਜਿਸ ਕਰਕੇ ਸਾਰੇ ਵਿਸ਼ਵ ਵਿਚ ਵੱਸਦੇ ਰਾਜਪੂਤ ਭਾਈਚਾਰੇ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ ਅਤੇ ਇਸ ਕਰਕੇ ਰਾਜਪੂਤ ਭਾਈਚਾਰੇ ਦੇ ਦਿਲਾਂ ਵਿਚ ਰੋਸ ਹੈ।



ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਜਿਨ੍ਹੀ ਦੇਰ ਤੱਕ ਐਸ.ਪੀ ਲੁਬਾਣਾ ਸਿੱਖ ਕੌਮ ਅਤੇ ਸਮੂਹ ਰਾਜਪੂਤ ਭਾਈਚਾਰੇ ਤੋਂ ਮੁਆਫੀ ਨਹੀਂ ਮੰਗਦਾ, ਉਦੋਂ ਤੱਕ ਪੰਜਾਬ ਦੇ ਵੱਖ—ਵੱਖ ਜ਼ਿਲ੍ਹਿਆਂ ਵਿਚ ਉਸਦੇ ਪੁਤਲੇ ਫੂਕੇ ਜਾਣਗੇ, ਜੋ ਕਿ ਰਾਜਪੂਤ ਭਾਈਚਾਰੇ ਵੱਲੋਂ ਅਤੇ ਸ਼ਹੀਦ ਭਾਈ ਮਨੀ ਸਿੰਘ ਬਾਬਾ ਬਚਿੱਤਰ ਵੈਲਫੇਅਰ ਸੋਸਾਇਟੀ ਵੱਲੋਂ ਫਿਰੋਜ਼ਪੁਰ ਵਿਖੇ 10 ਸਤੰਬਰ ਦਿਨ ਵੀਰਵਾਰ ਨੂੰ ਡੀ.ਸੀ ਦਫਤਰ ਦੇ ਬਾਹਰ ਚੌਂਕ ਵਿੱਚ ਇਸ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਐਸ.ਪੀ. ਲਬਾਣਾ ਦਾ ਪੁਤਲਾ ਫੂਕਿਆ ਜਾਵੇਗਾ ਅਤੇ ਡੀ.ਸੀ ਸਾਹਿਬ ਨੂੰ ਮੰਗ ਪੱਤਰ ਵੀ ਦਿੱਤਾ ਜਾਵੇਗਾ। ਇਸ ਮੌਕੇ ਸਤਿਕਾਰ ਕਮੇਟੀ ਦੇ ਸਰਪ੍ਰਸਤ ਭਾਈ ਲਖਬੀਰ ਸਿੰਘ ਮਹਾਲਮ ਵੱਲੋਂ ਪੂਰਨ ਤੌਰ ਤੇ ਹਮਾਇਤ ਕਰਨ ਦਾ ਭਰੋਸਾ ਦਿੱਤਾ ਗਿਆ, ਇਸ ਮੌਕੇ ਸ਼ਹੀਦ ਭਾਈ ਮਨੀ ਸਿੰਘ ਬਾਬਾ ਬਚਿੱਤਰ ਸਿੰਘ ਵੈਲਫੇਅਰ ਸੋਸਾਇਟੀ ਪੰਜਾਬ ਦੇ ਕੌਮੀ ਪ੍ਰਧਾਨ ਭਾਈ ਲਖਵਿੰਦਰ ਸਿੰਘ ਸਰਪੰਚ ਫੁਲਰਵੰਨੀਆ ਪੰਜਾਬ ਪ੍ਰਧਾਨ ਭਾਈ ਸੋਹਣ ਸਿੰਘ ਖਾਲਸਾ ਪੰਜਾਬ ਦੇ ਚੇਅਰਮੈਨ ਭਾਈ ਪ੍ਰਕਾਸ਼ ਸਿੰਘ ਪਾਰਸ ਪੰਜਾਬ ਦੇ ਵਾਇਸ ਚੇਅਰਮੈਨ ਤੇਜਿੰਦਰ ਸਿੰਘ ਢੁੱਡੀਕੇ ਅਤੇ ਜਰਨਲ ਸਕੱਤਰ ਪੰਜਾਬ ਭਾਈ ਸਤਨਾਮ ਸਿੰਘ ਬੁੱਕਣ ਵਾਲਾ ਅਤੇ ਪੰਜਾਬ ਖਜਾਨਚੀ ਭਾਈ ਮਨਜੀਤ ਸਿੰਘ ਟੀਚਰ ਕਾਲੋਨੀ ਮੋਗਾ ਭਾਈ ਗੁਰਪ੍ਰੀਤ ਸਿੰਘ ਪ੍ਰੀਤ ਪ੍ਰਚਾਰਕ ਸਕੱਤਰ ਮੁੱਖ ਬੁਲਾਰਾ ਪੰਜਾਬ ਭਾਈ ਸੁਖਦੇਵ ਸਿੰਘ ਬਠਿੰਡਾ ਪੰਜਾਬ ਦੇ ਪ੍ਰੈਸ ਸਕੱਤਰ ਭਾਈ ਬਲਵੀਰ ਸਿੰਘ ਪਾਂਧੀ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਸਰਪ੍ਰਸਤ ਭਾਈ ਸਤਨਾਮ ਸਿੰਘ ਸਾਜਨ ਜ਼ਿਲ੍ਹਾ ਪ੍ਰਧਾਨ ਭਾਈ ਪ੍ਰਗਟ ਸਿੰਘ ਚੰਦਨ ਜ਼ਿਲ੍ਹਾ ਮੀਤ ਪ੍ਰਧਾਨ ਭਾਈ ਸੁਖਵਿੰਦਰ ਸਿੰਘ ਸਫ਼ਰੀ ਜ਼ਿਲ੍ਹਾ ਚੈਅਰਮੈਨ ਭਾਈ ਭਾਗ ਸਿੰਘ ਫੱਤੇਵਾਲਾ ਜ਼ਿਲ੍ਹਾ ਸਕੱਤਰ ਭਾਈ ਨਾਨਕ ਸਿੰਘ ਜਨੇਰ ਵਾਇਸ ਚੇਅਰਮੈਨ ਭਾਈ ਸੁਖਜਿੰਦਰ ਸਿੰਘ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰੈਸ ਸਕੱਤਰ ਭਾਈ ਸੁੱਖਾ ਸਿੰਘ ਮਮਦੋਟ ਇਕਾਈ ਦੇ ਸਰਪ੍ਰਸਤ ਬਾਬਾ ਲਾਲ ਸਿੰਘ ਮਮਦੋਟ ਇਕਾਈ ਦੇ ਪ੍ਰਧਾਨ ਭਾਈ ਜਸਵੰਤ ਸਿੰਘ ਇਕਾਈ ਮਮਦੋਟ ਦੇ ਚੇਅਰਮੈਨ ਭਾਈ ਅਮਰੀਕ ਸਿੰਘ, ਭਾਈ ਸੁਰਜੀਤ ਸਿੰਘ ਅਤੇ ਸਾਬਕਾ ਸਰਪੰਚ ਭਾਈ ਬਲਦੇਵ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਸਤਨਾਮ ਸਿੰਘ ਖ਼ਾਨਗੜੀਆ, ਭਾਈ ਸਤਪਾਲ ਸਿੰਘ ਰਸੀਆ, ਭਾਈ ਨਿਸ਼ਾਨ ਸਿੰਘ ਖਾਈ, ਭਾਈ ਜਸਵੰਤ ਸਿੰਘ ਜੱਗਾ, ਭਾਈ ਅਮੀਰ ਸਿੰਘ ਕੋਟ ਆਸਾ ਅਤੇ ਭਾਈ ਹਰਜਿੰਦਰ ਸਿੰਘ ਕੋਟ ਭੂਰੇ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਲਕਾ ਮਜੀਠਾ ਵਿੱਚ ਭਾਈ ਪੱਪਲਪ੍ਰੀਤ ਸਿੰਘ ਜੀ ਦੇ ਮਾਤਾ ਜੀ ਦੀ ਅਗਵਾਈ ਹੇਠ

# ਮੀਟਿੰਗਾਂ ਦੀ ਸ਼ੁਰੂਆਤ, ਪਿੰਡ ਗੁਜਰਪੁਰਾ ਵਿੱਚ ਅਹਿਮ ਮੀਟਿੰਗ



**ਮਜੀਠਾ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਹਲਕਾ ਮਜੀਠਾ ਦੇ ਪਿੰਡ ਗੁਜਰਪੁਰਾ ਵਿਖੇ ਇੱਕ ਅਹਿਮ ਮੀਟਿੰਗ ਮਾਤਾ ਰਣਧੀਰ ਕੌਰ ਜੀ ਦੀ ਅਗਵਾਈ ਹੇਠ ਕਰਵਾਈ ਗਈ। ਮਾਤਾ ਰਣਬੀਰ ਕੌਰ ਜੀ, ਜੋ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਮਜੀਠਾ ਇੰਚਾਰਜ ਅਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਸਾਥੀ ਭਾਈ ਪੱਪਲਪ੍ਰੀਤ ਸਿੰਘ ਜੀ ਦੀ ਮਾਤਾ ਜੀ ਹਨ, ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਪਿੰਡ ਵਾਸੀਆਂ ਵੱਲੋਂ ਭਰਵਾਂ ਸਹਿਯੋਗ ਦਿੱਤਾ ਗਿਆ। ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ, ਮਨੁੱਖੀ ਅਧਿਕਾਰਾਂ, ਪੰਜਾਬ ਦੇ ਹੱਕਾਂ ਅਤੇ ਪੰਜਾਬ ਦੇ ਭਵਿੱਖ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਭਾਈ ਨਾਥਵਿੰਦਰ ਸਿੰਘ ਬਾਜਵਾ, ਭਾਈ ਜੁਗਰਾਜ ਸਿੰਘ ਉਦੋ ਨੰਗਲ (ਯੂਥ ਪ੍ਰਧਾਨ), ਭਾਈ ਕਿਰਪਾਲ ਸਿੰਘ (ਸਰਕਲ ਇੰਚਾਰਜ), ਸੰਦੀਪ ਸਿੰਘ ਯੂਥ, ਸੰਦੀਪ ਸਿੰਘ ਸਰਕਲ ਇੰਚਾਰਜ ਅਤੇ ਪ੍ਰਿਤਪਾਲ ਸਿੰਘ ਬੱਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਬੁਲਾਰਿਆਂ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਵਿਚਾਰਧਾਰਾ ਅਤੇ ਪੰਜਾਬ ਦੇ ਹੱਕਾਂ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ ਗਏ। ਇਸ ਦੇ ਨਾਲ ਹੀ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ, ਮਨੁੱਖੀ ਅਧਿਕਾਰਾਂ ਅਤੇ ਸੂਬੇ ਦੇ ਬਿਹਤਰ ਭਵਿੱਖ ਲਈ ਲੋਕਾਂ ਦਾ ਇਕਜੁੱਟ ਹੋਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਵਾਸੀ ਆਪਣੇ ਹੱਕਾਂ ਅਤੇ ਭਵਿੱਖ ਲਈ ਲੋਕਤੰਤਰਿਕ ਢੰਗ ਨਾਲ ਇਕਜੁੱਟ ਹੋ ਕੇ ਆਪਣੀ ਆਵਾਜ਼ ਬੁਲੰਦ ਕਰਨ ਤਾਂ ਪੰਜਾਬ ਨੂੰ ਮੌਜੂਦਾ ਹਾਲਾਤਾਂ ਵਿੱਚੋਂ ਬਾਹਰ ਕੱਢਣ ਲਈ ਇੱਕ ਮਜ਼ਬੂਤ ਲੋਕ ਲਹਿਰ ਖੜ੍ਹੀ ਕੀਤੀ ਜਾ ਸਕਦੀ ਹੈ। ਮੀਟਿੰਗ ਦੌਰਾਨ ਹਾਜ਼ਰ ਸੰਗਤਾਂ ਨੂੰ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਪੰਜਾਬ ਦੇ ਹੱਕਾਂ ਤੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਲਈ ਲੋਕਤੰਤਰਿਕ ਢੰਗ ਨਾਲ ਆਪਣੀ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਗਈ। ਅੰਤ ਵਿੱਚ ਪਿੰਡ ਵਾਸੀਆਂ ਵੱਲੋਂ ਮਾਤਾ ਰਣਧੀਰ ਕੌਰ ਜੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੀ ਸਮੁੱਚੀ ਟੀਮ ਨੂੰ ਭਰੋਸਾ ਦਿਵਾਇਆ ਗਿਆ ਕਿ ਪੰਜਾਬ ਦੇ ਹੱਕਾਂ ਅਤੇ ਲੋਕਾਂ ਦੀ ਆਵਾਜ਼ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਉਹ ਆਪਣਾ ਸਹਿਯੋਗ ਜਾਰੀ ਰੱਖਣਗੇ।

**ਪਿੰਡ ਵਾਸੀਆਂ ਵੱਲੋਂ ਭਾਈ ਪੱਪਲਪ੍ਰੀਤ ਸਿੰਘ ਦੇ ਪਰਿਵਾਰ ਨੂੰ ਪੂਰਨ ਸਹਿਯੋਗ ਦਾ ਵਿਸ਼ਵਾਸ**

### ਆਮ ਆਦਮੀ ਪਾਰਟੀ ਨੂੰ ਵੱਡਾ ਝੱਟਕਾ

# ਅੰਮ੍ਰਿਤਸਰ ਹਲਕਾ ਪੱਛਮੀਂ ਤੋਂ ਗੁਰਦੇਵ ਸਿੰਘ ਜੱਜੀ, ਜਸਬੀਰ ਸਿੰਘ ਵਡਾਲੀ ਅਤੇ ਅਟਾਰੀ ਤੋਂ ਜਸਵਿੰਦਰ ਸਿੰਘ ਜਹਾਂਗੀਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਿਲ




**ਅੰਮ੍ਰਿਤਸਰ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇੱਕ ਅਹਿਮ ਪ੍ਰੈਸ ਕਾਨਫ਼ਰੰਸ ਕੀਤੀ ਗਈ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੇ ਸਰਗਰਮ ਵਰਕਰ ਅਤੇ ਪੰਜਾਬ ਕਾਂਗਰਸ ਦੇ ਅੰਮ੍ਰਿਤਸਰ ਹਲਕਾ ਪੱਛਮੀ ਤੋਂ ਸਪੋਰਟਸ ਵਿੰਗ ਦੇ ਸਾਬਕਾ ਚੇਅਰਮੈਨ ਰਹਿ ਚੁੱਕੇ ਸ੍ਰ. ਗੁਰਦੇਵ ਜੱਜੀ, ਹਲਕਾ ਅਟਾਰੀ ਤੋਂ ਸ੍ਰ ਜਸਵਿੰਦਰ ਸਿੰਘ ਜਹਾਂਗੀਰ ਅਤੇ ਅੰਮ੍ਰਿਤਸਰ ਹਲਕਾ ਪੱਛਮੀ ਤੋਂ ਸ੍ਰ ਜਸਬੀਰ ਸਿੰਘ ਵਡਾਲੀ ਆਪਣੇ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਸ਼ਾਮਿਲ ਹੋਏ ਆਗੂਆਂ ਨੇ ਸਾਂਝੇ ਰੂਪ ਵਿੱਚ ਕਿਹਾ ਕਿਹਾ ਕਿ ਉਹ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਵਿਚਾਰਧਾਰਾ, ਪੰਜਾਬ ਦੇ ਹੱਕਾਂ, ਲੋਕਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਨਸ਼ੇ ਤੋ ਬਚਾਉਣ ਦੇ ਉਦੇਸ਼ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਾਥੀਆਂ ਸਮੇਤ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਉਨ੍ਹਾਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਜਾਣ ਵਾਲੀ ਹਰ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਬਾਪੂ ਤਰਸੇਮ ਸਿੰਘ ਜੀ ਨੇ ਸ੍ਰ. ਗੁਰਦੇਵ ਜੱਜੀ, ਸ੍ਰ ਜਸਵਿੰਦਰ ਸਿੰਘ ਜਹਾਂਗੀਰ ਅਤੇ ਸ੍ਰ ਜਸਬੀਰ ਸਿੰਘ ਵਡਾਲੀ ਦਾ ਅਤੇ ਉਹਨਾਂ ਦੇ ਨਾਲ ਆਏ ਸਾਥੀਆਂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨਵੇਂ ਸਾਥੀਆਂ ਦੇ ਸ਼ਾਮਿਲ ਹੋਣ ਨਾਲ ਪਾਰਟੀ ਨੂੰ ਜਥੇਬੰਦਕ ਤੌਰ 'ਤੇ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹੱਕਾਂ, ਹਿੱਤਾਂ ਅਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਪਾਰਟੀ ਵੱਲੋਂ ਆਪਣੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪਾਰਟੀ ਦੇ ਆਗੂਆਂ ਵਿੱਚ ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਪਰਮਜੀਤ ਸਿੰਘ ਵਣੀਏਕੇ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਦਯਾ ਸਿੰਘ, ਹਰਕਮਲਪ੍ਰੀਤ ਸਿੰਘ, ਚਾਚਾ ਪਲਵਿੰਦਰ ਸਿੰਘ, ਮਹਿੰਦਰ ਸਿੰਘ ਤੁੰਗ, ਸੁਖਰਾਜ ਸਿੰਘ ਸੁਲਤਾਨਵਿੰਡ, ਵਿਸ਼ਾਲ ਸਿੰਘ ਖਾਲਸਾ, ਸ੍ਰ ਕੁਲਦੀਪ ਸਿੰਘ ਵਡਾਲੀ, ਕੁਲਦੀਪ ਸਿੰਘ ਠੇਕੇਦਾਰ, ਕੁਲਵਿੰਦਰ ਸਿੰਘ ਵਡਾਲੀ, ਜੋਬਨ ਰੰਧਾਵਾ, ਮਨਜਿੰਦਰ ਸਿੰਘ ਗਿੱਲ, ਗੁਰਪ੍ਰੀਤ ਸਿੰਘ ਗੋਪੀ, ਰਾਜਦੀਪ ਸਿੰਘ ਮੱਟੂ, ਨਿਸ਼ਾਨ ਸਿੰਘ ਡੇਅਰੀ ਵਾਲੇ, ਬਾਬਾ ਗੁਰਪਾਲ ਸਿੰਘ, ਜਸਵੰਤ ਸਿੰਘ ਮਾਨ, ਸ੍ਰ ਉਂਕਾਰ ਸਿੰਘ, ਬਾਬਾ ਜਗਰੂਪ ਸਿੰਘ, ਹਰਜੀਤ ਸਿੰਘ, ਮਨੀ ਖਾਪੜਖੇੜੀ ਅਤੇ ਵਿੱਕੀ ਵਡਾਲੀ ਮੌਜੂਦ ਸਨ।




# ਡਾ.ਸਵਾਮੀ ਭੂਪੇਂਦਰ ਗਿਰੀ ਡੇਹਰੀਵਾਲ ਨੇ ਉਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਮੁਲਾਕਾਤ ਕੀਤੀ



**ਜੰਡਿਆਲਾ ਗੁਰੂ 9 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਭਗਵਾਨ ਗਿਰੀ ਆਸ਼ਰਮ ਸਿੱਧ ਪੀਠ, ਰਿਸ਼ੀਕੇਸ਼ ਅਤੇ ਪੰਜਾਬ ਦੇ ਪੀਠਾਧੀਸ਼ਵਰ ਡਾ. ਸਵਾਮੀ ਭੁਪੇਂਦਰ ਗਿਰੀ ਜੀ ਮਹਾਰਾਜ ਨੇ ਦੇਹਰਾਦੂਨ ਵਿਖੇ ਉੱਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ (ਸੇਵਾਮੁਕਤ) ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਜਾਣਕਾਰੀ ਦੇਣ ਮੌਕੇ ਦੱਸਿਆ ਕਿ ਇਸ ਦੌਰਾਨ ਆਧਿਆਤਮਿਕ, ਸਮਾਜਿਕ ਅਤੇ ਸੱਭਿਆਚਾਰਕ ਵਿਸ਼ਿਆਂ ਸਮੇਤ ਸਮਾਜ ਦੇ ਸਰੋਕਾਰਾਂ ਨਾਲ ਜੁੜੇ ਕਈ ਅਹਿਮ ਮੁੱਦਿਆਂ 'ਤੇ ਸਾਰਥਕ ਵਿਚਾਰ-ਵਟਾਂਦਰਾ ਹੋਇਆ। ਇਸ ਮੌਕੇ ਮਾਨਯੋਗ ਰਾਜਪਾਲ ਨੇ ਆਪਣੇ ਪਿੱਤਰੀ ਪਿੰਡ ਜਲਾਲ ਉਸਮਾ ਦੇ ਨੇੜੇ ਸਥਿਤ ਡੇਹਰੀਵਾਲ ਆਸ਼ਰਮ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਡਾ. ਸਵਾਮੀ ਭੂਪੇਂਦਰ ਗਿਰੀ ਜੀ ਨੇ ਆਸ਼ਰਮ ਦੀਆਂ ਧਾਰਮਿਕ, ਆਧਿਆਤਮਿਕ ਅਤੇ ਸਮਾਜ ਸੇਵੀ ਗਤੀਵਿਧੀਆਂ ਬਾਰੇ ਰਾਜਪਾਲ ਜੀ ਨਾਲ ਵਿਚਾਰ ਸਾਂਝੇ ਕੀਤੇ। ਮੁਲਾਕਾਤ ਦੌਰਾਨ ਪੰਜਾਬ ਵਿੱਚ ਨਸ਼ਿਆਂ ਦੇ ਵੱਧ ਰਹੇ ਪ੍ਰਕੋਪ ਤੋਂ ਨੌਜਵਾਨ ਪੀੜ੍ਹੀ ਨੂੰ ਬਚਾਉਣ ਅਤੇ ਉਨ੍ਹਾਂ ਨੂੰ ਸਿਹਤਮੰਦ, ਨੈਤਿਕ ਅਤੇ ਆਧਿਆਤਮਿਕ ਜੀਵਨ ਵੱਲ ਪ੍ਰੇਰਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਵਿਸ਼ੇਸ਼ ਤੌਰ 'ਤੇ ਚਰਚਾ ਹੋਈ। ਡਾ. ਸਵਾਮੀ ਭੂਪੇਂਦਰ ਗਿਰੀ ਜੀ ਨੇ ਕਿਹਾ ਕਿ ਸੰਤ ਸਮਾਜ ਵੱਲੋਂ ਮਨੁੱਖਤਾ ਦੀ ਸੇਵਾ, ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਅਤੇ ਸਮਾਜ ਵਿੱਚ ਆਪਸੀ ਭਾਈਚਾਰਾ ਤੇ ਨੈਤਿਕ ਕਦਰਾਂ-ਕੀਮਤਾਂ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਡਾ. ਸਵਾਮੀ ਭੂਪੇਂਦਰ ਗਿਰੀ ਵੱਲੋਂ ਮਾਨਯੋਗ ਰਾਜਪਾਲ ਨੂੰ ਰੁਦਰਾਕਸ਼ ਮਾਲਾ ਅਤੇ ਸ਼ਾਲ ਸਤਿਕਾਰ ਵਜੋਂ ਭੇਟ ਕੀਤੀ ਗਈ। ਇਸ ਦੇ ਜਵਾਬ ਵਿੱਚ ਰਾਜਪਾਲ ਵੱਲੋਂ ਵੀ ਬਾਬਾ ਜੀ ਨੂੰ ਕੇਦਾਰਨਾਥ ਜੀ ਦਾ ਮਾਡਲ ਅਤੇ ਵਿਸ਼ੇਸ਼ ਪਸ਼ਮੀਨਾ ਸ਼ਾਲ ਭੇਟ ਕੀਤੀ ਗਈ। ਜਿਸ 'ਤੇ ਬਦਰੀਨਾਥ ਅਤੇ ਕੇਦਾਰਨਾਥ ਧਾਮ ਦੇ ਸੁੰਦਰ ਚਿੱਤਰ ਬਣੇ ਹੋਏ ਸਨ। ਇਸ ਮੌਕੇ ਜਲਾਲ ਉਸਮਾ ਦੇ ਨੌਜਵਾਨ ਆਗੂ ਅਤੇ ਸਮਾਜ ਸੇਵਕ ਗੁਰਪ੍ਰੀਤ ਸਿੰਘ ਅਤੇ ਸ਼ਿਵਰਾਜ ਸਿੰਘ ਤਰਸਿੱਕਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਹ ਮੁਲਾਕਾਤ ਆਧਿਆਤਮਿਕਤਾ, ਸਮਾਜ ਸੇਵਾ ਅਤੇ ਸੱਭਿਆਚਾਰਕ ਵਿਰਾਸਤ ਦੇ ਆਪਸੀ ਸਬੰਧਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਾਂਝੇ ਯਤਨਾਂ ਦੀ ਦਿਸ਼ਾ ਵਿੱਚ ਮਹੱਤਵਪੂਰਨ ਮੌਕਾ ਸਾਬਤ ਹੋਈ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਲੋਕ ਪੂਰੀ ਤਰ੍ਹਾਂ ਲਾਭ ਲੈ ਰਹੇ ਹਨ ਡਾਕਟਰ ਅਨਵਰ ਭਸੌੜ




ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਖ-ਵੱਖ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਵਾਰਡ ਨੰਬਰ 7 ਤੋਂ ਐਮਸੀ ਸਿਮਰਨ ਕੌਰ ਪਤਨੀ ਜੁਗਨੂੰ ਸਲੀਮ ਨੂੰਹ ਮੱਖਣ ਕੁੱਕ ਦੀ ਅਗਵਾਈ ਹੇਠ ਆਪਣੇ ਵਾਰਡ ਦੇ ਵਾਸੀਆਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ ਕੀਤੀ ਗਈ। ਬੱਸ ਨੂੰ ਰਵਾਨਾ ਕਰਨ ਦੀ ਰਸਮ ਮੁੱਖ ਮੰਤਰੀ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਵੱਲੋਂ ਕੀਤੀ ਗਈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਨੇ ਕਿਹਾ ਕਿ ਇਹ ਬੱਸਾਂ ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਲੈ ਕੇ ਜਾ ਰਹੀਆ ਹਨ ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਉਪਰਾਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤਾਂ ਜੋ ਉਹ ਬਿਨਾਂ ਕਿਸੇ ਵਿੱਤੀ ਬੋਝ ਦੇ ਆਪਣੀ ਤੀਰਥ ਯਾਤਰਾ ਦੀ ਇੱਛਾ ਪੂਰੀ ਕਰ ਸਕਣ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯਾਤਰਾ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਏ.ਸੀ. ਸਲੀਪਰ ਬੱਸ ਯਾਤਰਾ ਦੇ ਨਾਲ-ਨਾਲ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਵੀ ਮੁਫ਼ਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਅਤੇ ਸਮਾਜਿਕ ਭਾਵਨਾਵਾਂ ਦਾ ਸਨਮਾਨ ਕਰਦਿਆਂ ਅਜਿਹੇ ਲੋਕ-ਪੱਖੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲ ਯੂਨੀਵਰਸਿਟੀ ਵਿਖੇ

# ਵਿਸ਼ਵ ਫਿਜ਼ੀਓਥੈਰੇਪੀ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ





ਤਲਵੰਡੀ ਸਾਬੋ, 09 ਸਤੰਬਰ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਫਿਜ਼ੀਓਥੈਰੇਪੀ ਵਿਭਾਗ ਵੱਲੋਂ 'ਵਿਸ਼ਵ ਫਿਜ਼ੀਓਥੈਰੇਪੀ ਦਿਵਸ 2026' ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਵਿਭਾਗੀ ਕੋਆਰਡੀਨੇਟਰਾਂ ਡਾ. ਰਿਤੂ ਅਤੇ ਡਾ. ਨਵਜੋਤ ਕੌਰ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ 100 ਤੋਂ ਵੱਧ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਸਿਹਤ ਸੰਭਾਲ, ਬਿਮਾਰੀਆਂ ਤੋਂ ਬਚਾਅ, ਸਰੀਰਕ ਤੰਦਰੁਸਤੀ ਵਿੱਚ ਫਿਜ਼ੀਓਥੈਰੇਪੀ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਸੀ ।ਸਮਾਗਮ ਦੀ ਸ਼ੁਰੂਆਤ ਪੈਰਾਂ ਦੀ ਜਾਂਚ ਸੰਬੰਧੀ ਗਤੀਵਿਧੀ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਅਤੇ ਭਾਗੀਦਾਰਾਂ ਦੇ ਪੈਰਾਂ ਦੀ ਬਣਾਵਟ, ਚਾਲ ਅਤੇ ਪੋਸਚਰ ਦੀ ਜਾਂਚ ਕੀਤੀ ਗਈ। ਇਸ ਦੌਰਾਨ ਮਾਹਰਾਂ ਨੇ ਫਿਜ਼ੀਓਥੈਰੇਪੀ ਰਾਹੀਂ ਪੈਰਾਂ ਦੀਆਂ ਸਮੱਸਿਆਵਾਂ ਨੂੰ ਸਮੇਂ ਸਿਰ ਪਛਾਣ ਕੇ ਸੁਧਾਰਨ ਬਾਰੇ ਅਹਿਮ ਜਾਣਕਾਰੀ ਦਿੱਤੀ ਤਾਂ ਜੋ ਭਵਿੱਖ ਵਿੱਚ ਸਰੀਰਕ ਸੰਤੁਲਨ ਅਤੇ ਤੁਰਨ-ਫਿਰਨ ਵਿੱਚ ਕੋਈ ਦਿੱਕਤ ਨਾ ਆਵੇ। ਇਸ ਤੋਂ ਇਲਾਵਾ, ਵਿਦਿਆਰਥੀਆਂ ਲਈ 'ਫਿਜ਼ੀਓ ਫਿਟਨੈਸ' ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਭਾਗੀਦਾਰਾਂ ਦੀ ਸਰੀਰਕ ਤਾਕਤ, ਲਚਕੀਲਾਪਣ, ਸੰਤੁਲਨ ਅਤੇ ਫੁਰਤੀ ਦੀ ਪਰਖ ਕੀਤੀ ਗਈ। ਇਸ ਦੇ ਨਾਲ ਹੀ ਸਰੀਰਕ ਗਤੀਵਿਧੀਆਂ ਅਤੇ ਖੇਡਾਂ ਰਾਹੀਂ ਫਿਟਨੈਸ ਦੇ ਸੁਨੇਹੇ ਨੂੰ ਮਨੋਰੰਜਕ ਤਰੀਕੇ ਨਾਲ ਲੋਕਾਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਗੇਮ ਸਟਾਲ ਵੀ ਲਗਾਏ ਗਏ, ਜਿਨ੍ਹਾਂ ਨੇ ਵਿਦਿਆਰਥੀਆਂ ਵਿੱਚ ਟੀਮ ਭਾਵਨਾ ਅਤੇ ਉਤਸ਼ਾਹ ਵਧਾਇਆ। ਵਿਭਾਗ ਦੇ ਬੁਲਾਰਿਆਂ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਫਿਜ਼ੀਓਥੈਰੇਪੀ ਓ.ਪੀ.ਡੀ. ਦਾ ਉਦਘਾਟਨ, ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ, ਪੋਸਟਰ ਅਤੇ ਵਰਕਿੰਗ ਮਾਡਲ ਪ੍ਰਦਰਸ਼ਨੀਆਂ ਵਰਗੇ ਨਵੀਨਤਮ ਵਿਸ਼ਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਹ ਸਮਾਗਮ ਵਿਦਿਆਰਥੀਆਂ ਨੂੰ ਵਿਹਾਰਕ ਗਿਆਨ ਦੇਣ ਅਤੇ ਸਮਾਜ ਵਿੱਚ ਤੰਦਰੁਸਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਦੀ ਦ੍ਰਿਸ਼ਟੀ ਤੋਂ ਪੂਰਨ ਤੌਰ 'ਤੇ ਸਫਲ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

### ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ

# ਪਿੰਡ ਵਾਸੀਆਂ ਦੀਆਂ ਮੰਗਾਂ ਅਨੁਸਾਰ ਵਿਕਾਸ ਕਾਰਜਾਂ ਲਈ ਚੈੱਕ ਕੀਤੇ ਤਕਸੀਮ




**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਧੂਰੀ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਦਿਆਂ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਅਤੇ ਉਨ੍ਹਾਂ ਦੀਆਂ ਸਥਾਨਕ ਸਮੱਸਿਆਵਾਂ, ਮੰਗਾਂ ਅਤੇ ਵਿਕਾਸ ਸਬੰਧੀ ਲੋੜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪਿੰਡ ਦੁਗਨੀ, ਬਮਾਲ, ਫਰਵਾਹੀ, ਚਾਂਗਲੀ, ਘਨੌਰ ਖੁਰਦ, ਬਲਮਗੜ੍ਹ, ਜਾਤੀਮਾਜਰਾ, ਮਲੂਮਾਜਰਾ ਅਤੇ ਦੌਲਤਪੁਰ ਦਾ ਦੌਰਾ ਕੀਤਾ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨਾ, ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦਾ ਲਾਭ ਹਰੇਕ ਪਿੰਡ ਅਤੇ ਹਰੇਕ ਵਰਗ ਤੱਕ ਪਹੁੰਚਾਉਣ ਲਈ ਸਰਕਾਰ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਪਿੰਡਾਂ ਵਿੱਚ ਸੜਕਾਂ, ਗਲੀਆਂ-ਨਾਲੀਆਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ, ਕਮਿਊਨਿਟੀ ਸਹੂਲਤਾਂ ਅਤੇ ਹੋਰ ਬੁਨਿਆਦੀ ਲੋੜਾਂ ਨਾਲ ਸਬੰਧਤ ਕੰਮਾਂ ਨੂੰ ਸਥਾਨਕ ਲੋੜ ਅਨੁਸਾਰ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡ ਵਾਸੀਆਂ ਨਾਲ ਗੱਲਬਾਤ ਦੌਰਾਨ ਓ.ਐਸ.ਡੀ. ਨੇ ਉਨ੍ਹਾਂ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਲਈ ਕਿਹਾ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਸੁਝਾਵਾਂ ਅਤੇ ਮੰਗਾਂ ਨੂੰ ਵਿਕਾਸ ਦੀ ਯੋਜਨਾਬੰਦੀ ਵਿੱਚ ਸ਼ਾਮਲ ਕਰਕੇ ਲੋੜ ਅਨੁਸਾਰ ਕਾਰਜ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਦੌਰਾਨ ਪਿੰਡਾਂ ਦੀਆਂ ਸਥਾਨਕ ਮੰਗਾਂ ਅਤੇ ਵਿਕਾਸ ਕਾਰਜਾਂ ਦੀ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਵਿਕਾਸ ਕਾਰਜਾਂ ਲਈ ਚੈੱਕ ਵੀ ਤਕਸੀਮ ਕੀਤੇ ਗਏ। ਸ੍ਰੀ ਸੁਖਵੀਰ ਸਿੰਘ ਨੇ ਕਿਹਾ ਕਿ ਇਨ੍ਹਾਂ ਕਾਰਜਾਂ ਨੂੰ ਪਾਰਦਰਸ਼ੀ ਢੰਗ ਨਾਲ ਅਤੇ ਨਿਰਧਾਰਤ ਮਾਪਦੰਡਾਂ ਅਨੁਸਾਰ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਨੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਵਿਕਾਸ ਕਾਰਜਾਂ ਦੀ ਪ੍ਰਗਤੀ 'ਤੇ ਨਜ਼ਰ ਰੱਖਣ ਅਤੇ ਲੋਕਾਂ ਨੂੰ ਇਨ੍ਹਾਂ ਦਾ ਸਮੇਂ ਸਿਰ ਲਾਭ ਪਹੁੰਚਾਉਣ ਦੀ ਗੱਲ ਵੀ ਕਹੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਸਿੱਧਾ ਸੰਪਰਕ ਬਣਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਅਤੇ ਪਿੰਡਾਂ ਨੂੰ ਆਧੁਨਿਕ ਤੇ ਬਿਹਤਰ ਸਹੂਲਤਾਂ ਨਾਲ ਲੈਸ ਕਰਨ ਲਈ ਵਚਨਬੱਧ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਵਿਕਾਸ ਕਾਰਜਾਂ ਸਬੰਧੀ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇਗਾ। ਇਸ ਮੌਕੇ ਏ.ਡੀ.ਸੀ. ਸ੍ਰੀ ਸੁਖਚੈਨ ਸਿੰਘ, ਵਕਫ਼ ਬੋਰਡ ਦੇ ਚੇਅਰਮੈਨ ਡਾ. ਅਨਵਰ ਭਸੌੜ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਅਮਨਦੀਪ ਘਨੌਰ, ਸਿਕੰਦਰ ਘਨੌਰ , ਡੀ, ਸੀ ਘਨੌਰ , ਗਗਨ ਜਵੰਧਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀਆਂ ਜੇਲ੍ਹਾਂ 'ਚ ਕੈਦੀ ਬਣ ਰਹੇ ਨਸ਼ੇੜੀ !

## 80 % ਕੈਦੀ ਜੇਲ੍ਹ 'ਚ ਆਉਣ ਮਗਰੋਂ ਹੋਏ ਨਸ਼ੇ ਦੇ ਆਦੀ



**ਚੰਡੀਗੜ੍ਹ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ ਜੇਲ੍ਹਾਂ ਇੱਕ ਵਾਰ ਫੇਰ ਵਿਵਾਦਾਂ 'ਚ ਆ ਗਈਆਂ ਹਨ। ਸੂਬੇ ਭਰ 'ਚ ਬੰਦ ਕੈਦੀਆਂ ਨੂੰ ਲੈ ਕੇ ਕਈ ਵੱਡੇ ਖੁਲਾਸੇ ਹੋਏ ਹਨ। ਦੱਸ ਦਈਏ ਕਿ ਜੇਲ੍ਹਾਂ 'ਚ ਬੰਦ 80 ਫੀਸਦ ਉਹ ਕੈਦੀ ਹੈ ਜੋ ਜੇਲ੍ਹਾਂ 'ਚ ਆਉਣ ਮਗਰੋਂ ਡਰਗੱਜ ਦੀ ਗ੍ਰਿਫਤ 'ਚ ਆਏ ਯਾਨਿ ਕੀ ਉਹ ਜੇਲ੍ਹ 'ਚ ਨਸ਼ੇ ਦੇ ਆਦੀ ਹੋਏ ਹਨ। ਇਹ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਅੰਕੜਿਆਂ ਤੋਂ ਹੈਰਾਨੀਜਨਕ ਖੁਲਾਸਾ ਹੋਇਆ ਹੈ। ਜਾਰੀ ਕੀਤੇ ਗਏ ਅੰਕੜਿਆਂ ਮੁਤਾਬਿਕ ਪੰਜਾਬ ਦੀਆਂ ਸਾਰੀਆਂ ਜੇਲ੍ਹਾਂ ਵਿੱਚ ਕੁੱਲ 35,449 ਕੈਦੀ ਬੰਦ ਹਨ, ਜਿਨ੍ਹਾਂ ਵਿੱਚੋਂ 15,768 ਨਸ਼ੇੜੀ ਹਨ ਅਤੇ ਓਓਏਟੀ ਇਲਾਜ ਕਰਵਾ ਰਹੇ ਹਨ। ਇਨ੍ਹਾਂ ਵਿੱਚੋਂ ਸਿਰਫ਼ 2,540 ਕੈਦੀ ਜੇਲ੍ਹ ਵਿੱਚ ਦਾਖਲ ਹੋਣ ਤੋਂ ਪਹਿਲਾਂ ਨਸ਼ੇੜੀ ਸਨ, ਭਾਵ 13,228 ਕੈਦੀ ਜੇਲ੍ਹ ਵਿੱਚ ਦਾਖਲ ਹੋਣ ਤੋਂ ਬਾਅਦ ਨਸ਼ੇੜੀ ਬਣ ਗਏ। ਹਾਈ ਕੋਰਟ ਨੇ ਪੰਜਾਬ ਦੀਆਂ ਜੇਲ੍ਹਾਂ ਬਾਰੇ ਗੰਭੀਰ ਸਵਾਲ ਚੁੱਕਦੇ ਹੋਏ ਕਿਹਾ ਕਿ ਸਰਕਾਰ ਉਨ੍ਹਾਂ ਦੀ ਸੁਰੱਖਿਆ ਲਈ ਕੁਝ ਨਹੀਂ ਕਰ ਰਹੀ ਹੈ। ਇਸ ਤੱਥ ਦੇ ਬਾਵਜੂਦ ਕਿ ਸਰਕਾਰ ਨੇ 2022 ਵਿੱਚ ਜੇਲ੍ਹਾਂ ਵਿੱਚ ਇੱਕ ਵਿਗਿਆਨਕ ਨਸ਼ਾ ਛੁਡਾਊ ਪ੍ਰੋਗਰਾਮ ਸ਼ੁਰੂ ਕੀਤਾ ਸੀ, ਉਸ ਪ੍ਰੋਗਰਾਮ ਦਾ ਕੀ ਹੋਇਆ ਹੈ ? ਸਰਕਾਰ ਨੂੰ 15 ਸਤੰਬਰ ਤੱਕ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਹਰਿਆਣਾ ਨੇ ਦੱਸਿਆ ਕਿ ਉਸਦੀਆਂ ਜੇਲ੍ਹਾਂ ਵਿੱਚ 27,111 ਕੈਦੀ ਹਨ, ਜਿਨ੍ਹਾਂ ਵਿੱਚੋਂ 1,295 ਨਸ਼ੇੜੀ ਹਨ। ਅਜਿਹੇ 1,829 ਕੈਦੀਆਂ ਵਿੱਚੋਂ, 534 ਨਸ਼ਾ ਛੁਡਾਊ ਰਾਹੀਂ ਠੀਕ ਹੋ ਗਏ ਹਨ। ਦੱਸ ਦਈਏ ਕਿ ਇਸ ਮਾਮਲੇ 'ਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਹੀ ਨੋਟਿਸ ਲਿਆ ਸੀ। ਮਾਨਸਾ ਦੇ ਪ੍ਰਬੰਧਕੀ ਜੱਜ ਨੇ ਮਾਨਸਾ ਦੇ ਜੇਲ੍ਹ ਦਾ ਦੌਰਾ ਕਰ ਮਾਮਲੇ 'ਚ ਨੋਟਿਸ ਲੈਣ ਦੀ ਅਪੀਲ ਕੀਤੀ ਸੀ, ਉਨ੍ਹਾਂ ਦੀ ਰਿਪੋਰਟ ਦੇ ਮੁਤਾਬਿਕ ਮਾਨਸਾ ਦੀ ਜੇਲ੍ਹ 767 ਕੈਦੀ ਹੈ, ਜਿਨ੍ਹਾਂ 'ਚ 530 ਕੈਦੀ ਯਾਨੀ ਕਿ ਜੇਲ੍ਹ ਦੇ 69 ਫੀਸਦ ਕੈਦੀ ਨਸ਼ੇ ਦੀ ਗ੍ਰਿਫਤ 'ਚ ਹੈ ਅਤੇ ਜਿਨ੍ਹਾਂ ਨੂੰ ਓਓਏਟੀ ਟ੍ਰੀਟਮੇਂਟ ਯਾਨੀ ਕਿ ਆਊਟ ਪੈਸ਼ੇਂਟ ਓਪੀਯੋਡ ਟ੍ਰੀਟਮੇਂਟ ਦਿੱਤੀ ਜਾ ਰਹੀ ਹੈ। ਇਸੇ 'ਤੇ ਐਕਟਿਗ ਚੀਫ ਜਸਟਿਸ ਦੀ ਬੈਂਚ ਨੇ ਨੋਟਿਸ ਲੈਂਦੇ ਹੋਏ ਪੰਜਾਬ ਸਰਕਾਰ ਤੋਂ ਸੂਬੇ ਦੀਆਂ ਸਾਰੀਆਂ ਜੇਲ੍ਹਾਂ ਦਾ ਅੰਕੜੇ ਮੰਗੇ ਗਏ ਸੀ। ਇਸੇ ਹੁਕਮਾਂ ਦੇ ਮਗਰੋਂ ਅੱਜ ਪੰਜਾਬ ਸਰਕਾਰ ਨੇ ਇਹ ਜਾਣਕਾਰੀ ਦਿੱਤੀ ਹੈ।

# ਸਰਕਾਰੀ ਮੁਲਾਜ਼ਮਾਂ ਅੱਗੇ ਝੁਕੀ ਮਾਨ ਸਰਕਾਰ ; ਸ਼ੋਅ ਕੌਜ਼ ਨੋਟਿਸ ਲਿਆ ਵਾਪਿਸ, ਸਰਕਾਰੀ ਮੁਲਾਜ਼ਮਾਂ ਨੇ ਹੜਤਾਲ ਕੀਤੀ ਖਤਮ

ਪੰਜਾਬ ਸਰਕਾਰ ਦੇ ਕਰਮਚਾਰੀਆਂ ਅਤੇ ਸਰਕਾਰ ਵਿਚਕਾਰ ਕਈ ਦਿਨਾਂ ਤੋਂ ਚੱਲ ਰਿਹਾ ਟਕਰਾਅ ਬੁੱਧਵਾਰ ਨੂੰ ਖਤਮ ਹੋ ਗਿਆ। ਕਰਮਚਾਰੀ ਯੂਨੀਅਨਾਂ ਅਤੇ ਮੁੱਖ ਸਕੱਤਰ ਵਿਚਕਾਰ ਹੋਈ ਮੀਟਿੰਗ ਤੋਂ ਬਾਅਦ, ਕਰਮਚਾਰੀਆਂ ਨੇ ਰਸਮੀ ਤੌਰ 'ਤੇ ਆਪਣੀ ਹੜਤਾਲ ਵਾਪਸ ਲੈਣ ਦਾ ਐਲਾਨ ਕੀਤਾ। ਮੀਟਿੰਗ ਵਿੱਚ ਕਰਮਚਾਰੀਆਂ ਦੀਆਂ ਵੱਖ-ਵੱਖ ਮੰਗਾਂ 'ਤੇ ਵੀ ਸਹਿਮਤੀ ਬਣੀ। ਸਰਕਾਰ ਕਰਮਚਾਰੀਆਂ ਵਿਰੁੱਧ ਜਾਰੀ ਕੀਤੇ ਗਏ ਦੋਵੇਂ ਪੱਤਰ ਵਾਪਸ ਲੈਣ ਲਈ ਵੀ ਸਹਿਮਤ ਹੋ ਗਈ। ਕਰਮਚਾਰੀ ਯੂਨੀਅਨਾਂ ਨੇ ਲੰਬਿਤ ਮੰਗਾਂ ਨੂੰ ਲੈ ਕੇ ਮੰਗਲਵਾਰ ਨੂੰ ਸਮੂਹਿਕ ਛੁੱਟੀ ਲੈ ਕੇ ਅੰਦੋਲਨ ਸ਼ੁਰੂ ਕੀਤਾ ਅਤੇ ਬਾਅਦ ਵਿੱਚ ਹੜਤਾਲ ਨੂੰ 11 ਸਤੰਬਰ ਤੱਕ ਵਧਾਉਣ ਦਾ ਐਲਾਨ ਕੀਤਾ। ਇਸ ਨਾਲ ਪੰਜਾਬ ਸਿਵਲ ਸਕੱਤਰੇਤ ਸਮੇਤ ਵੱਖ-ਵੱਖ ਸਰਕਾਰੀ ਦਫ਼ਤਰਾਂ ਵਿੱਚ ਕੰਮਕਾਜ ਵਿੱਚ ਵਿਘਨ ਪਿਆ। ਸਰਕਾਰ ਨੇ ਵੀ ਸਖ਼ਤ ਰੁਖ਼ ਅਪਣਾਇਆ, ਨੋ ਵਰਕ ਤੇ ਨੋ ਪੇਅ ਨੀਤੀ ਲਾਗੂ ਕੀਤੀ ਅਤੇ ਬਿਨਾਂ ਅਧਿਕਾਰ ਦੇ ਡਿਊਟੀ ਤੋਂ ਗੈਰਹਾਜ਼ਰ ਰਹਿਣ ਵਾਲੇ ਕਰਮਚਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਜਾਰੀ ਕੀਤੀ।

# 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਲੱਖਾ ਸਿਧਾਣਾ ਤੇ ਮਨਦੀਪ ਸਿੰਘ ਸਿੱਧੂ ਨੂੰ ਹਲਕਾ ਇੰਚਾਰਜਾਂ ਦੀ ਜ਼ਿੰਮੇਵਾਰੀ




**ਚੰਡੀਗੜ੍ਹ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਲਖਵੀਰ ਸਿੰਘ ਲੱਖਾ ਸਿਧਾਣਾ ਨੂੰ ਹਲਕਾ ਮੌੜ ਅਤੇ ਮਨਦੀਪ ਸਿੰਘ ਸਿੱਧੂ ਨੂੰ ਹਲਕਾ ਤਲਵੰਡੀ ਸਾਬੋ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਲੱਖਾ ਸਿਧਾਣਾ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਹਲਕਾ ਮੌੜ ਤੋਂ 28 ਹਜ਼ਾਰ ਤੋਂ ਵੱਧ ਵੋਟਾਂ ਹਾਸਲ ਕਰਕੇ ਦੂਜੇ ਸਥਾਨ 'ਤੇ ਰਹੇ ਸਨ। ਇਸ ਨਿਯੁਕਤੀ ਨਾਲ ਹਲਕਾ ਮੌੜ ਵਿੱਚ ਉਨ੍ਹਾਂ ਦੀ ਸਿਆਸੀ ਸਰਗਰਮੀ ਹੋਰ ਵਧਣ ਦੀ ਸੰਭਾਵਨਾ ਹੈ। ਉੱਧਰ, ਮਨਦੀਪ ਸਿੰਘ ਸਿੱਧੂ ਮਰਹੂਮ ਦੀਪ ਸਿੱਧੂ ਦੇ ਭਰਾ ਹਨ। ਉਹ ਪਹਿਲੀ ਵਾਰ ਚੋਣ ਮੈਦਾਨ ਵਿੱਚ ਉੱਤਰਨ ਜਾ ਰਹੇ ਹਨ। ਉਨ੍ਹਾਂ ਨੂੰ ਤਲਵੰਡੀ ਸਾਬੋ ਦੀ ਜ਼ਿੰਮੇਵਾਰੀ ਮਿਲਣ ਨਾਲ ਇਸ ਹਲਕੇ ਦੀ ਸਿਆਸਤ ਵੀ ਦਿਲਚਸਪ ਹੋਣ ਦੇ ਆਸਾਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਕੌਮੀ ਇਨਸਾਫ ਮੋਰਚਾ ਜੋ ਵੀ ਸੰਘਰਸ਼ ਦੀ ਰੂਪ ਰੇਖਾ ਉਲੀਕੇਗਾ ਦਿੱਲੀ ਗੁਰਦੁਆਰਾ ਕਮੇਟੀ ਉਸ ਵਿਚ ਵੱਧ ਚੜ੍ਹ ਕੇ ਸਹਿਯੋਗ ਦੇਵੇਗੀ: ਕਾਲਕਾ, ਕਾਹਲੋਂ











**ਚੰਡੀਗੜ੍ਹ/ਨਵੀਂ ਦਿੱਲੀ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਚਲ ਰਹੇ ਕੌਮੀ ਇਨਸਾਫ ਮੋਰਚੇ ਵੱਲੋਂ ਸੰਘਰਸ਼ ਦੀ ਜੋ ਵੀ ਰੂਪ ਰੇਖਾ ਉਲੀਕੀ ਜਾਵੇਗੀ, ਉਸ ਵਿਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਜਾਵੇਗਾ। ਇਹ ਪ੍ਰਗਟਾਵਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ ਹੈ।

ਅੱਜ ਇਥੇ ਬੰਦੀ ਸਿੰਘਾਂ ਦੀ ਰਿਹਾਈ ਲਈ ਚੱਲ ਰਹੇ ਕੌਮੀ ਇਨਸਾਫ਼ ਮੋਰਚੇ ਵੱਲੋਂ ਚੰਡੀਗੜ੍ਹ ਕਿਸਾਨ ਭਵਨ ਵਿਖੇ ਕੀਤੀ ਗਈ ਇੱਕ ਅਹਿਮ ਮੀਟਿੰਗ ਵਿਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨਾਂ ਨਾਲ ਸ਼ਮੂਲੀਅਤ ਕਰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਉਹ ਇਸ ਕੌਮੀ ਇਨਸਾਫ ਮੋਰਚੇ ਦੀ ਮੀਟਿੰਗ ਵਿਚ ਪਹਿਲੀ ਵਾਰ ਸ਼ਾਮਲ ਹੋਏ ਹਨ। ਉਹਨਾਂ ਕਿਹਾ ਕਿ ਇਹ ਬਹੁਤ ਹੀ ਚੰਗੀ ਗੱਲ ਹੈ ਕਿ ਕੌਮੀ ਇਨਸਾਫ ਮੋਰਚੇ ਨੇ ਇਸ ਮਾਮਲੇ ’ਤੇ ਮਾਰਚ ਕੱਢਣ ਦੀ ਵਿਉਂਤਬੰਦੀ ਕੀਤੀ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਸ ਮਾਰਚ ਬਾਰੇ ਸਿਰਫ ਪੰਜਾਬ ਦੇ ਕਿਸਾਨਾਂ ਤੇ ਇਸਦੇ ਕਾਰਕੁੰਨਾਂ ਵਿਚ ਪ੍ਰਚਾਰ ਹੋ ਰਿਹਾ ਹੈ ਜਦੋਂ ਕਿ ਦਿੱਲੀ ਵਿਚ ਇਸ ਮਾਮਲੇ ਬਾਰੇ ਕਿਸੇ ਨੂੰ ਜਾਣਕਾਰੀ ਨਹੀਂ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਇਸ ਵੇਲੇ ਸਿੱਖ ਕੌਮ ਵਾਸਤੇ ਸਭ ਤੋਂ ਵੱਡਾ ਮਸਲਾ ਹੈ ਤੇ ਅਸੀਂ ਵਿਸ਼ਵਾਸ ਦਿਵਾਉਂਦੇ ਹਾਂ ਕਿ ਸਾਡੀ ਸਰਕਾਰ ਨਾਲ ਗੱਲਬਾਤ ਕਰਨ ਜਾਂ ਹੋਰ ਵੀ ਜੋ ਜ਼ਿੰਮੇਵਾਰੀ ਲਗਾਈ ਜਾਵੇਗੀ, ਅਸੀਂ ਅੱਗੇ ਹੋ ਕੇ ਸੇਵਾ ਨਿਭਾਵਾਂਗੇ।

ਉਹਨਾਂ ਕਿਹਾ ਕਿ ਕੌਮੀ ਇਨਸਾਫ ਮੋਰਚੇ ਨੂੰ ਆਪਣੇ ਕਿਸੇ ਵੀ ਪ੍ਰੋਗਰਾਮ ਨੂੰ ਅੰਤਿਮ ਰੂਪ ਰੇਖਾ ਦੇਣ ਲੱਗਿਆਂ ਇਸ ਗੱਲ ਦਾ ਖਿਆਲ ਰੱਖਣਾ ਪਵੇਗਾ ਕਿ ਮੋਰਚੇ ਵਿਚ ਉਹ ਲੋਕ ਦਾਖਲ ਨਾ ਹੋ ਜਾਣ ਜੋ ਆਪਣਾ ਸਿਆਸੀ ਮਕਸਦ ਪੂਰਾ ਕਰਨਾ ਚਾਹੁੰਦੇ ਹਨ ਜਾਂ ਫਿਰ ਏਜੰਸੀਆਂ ਅਜਿਹੇ ਬੰਦਿਆਂ ਦੀ ਘੁਸਪੈਠ ਨਾ ਕਰਵਾ ਦੇਣ ਜਿਸ ਨਾਲ ਮੋਰਚੇ ਦੇ ਸੰਘਰਸ਼ ਦਾ ਕਿਸੇ ਵੀ ਤਰੀਕੇ ਨੁਕਸਾਨ ਹੋਵੇ।

ਉਹਨਾਂ ਕਿਹਾ ਕਿ ਜਿਹੜਾ ਵੀ ਤੁਸੀਂ ਸੰਘਰਸ਼ ਕਰ ਰਹੇ ਹੋ, ਉਸ ਦੀ ਦਿੱਖ ਨਜ਼ਰ ਆ ਰਹੀ ਹੈ ਕਿ ਉਸ ਵਿਚ ਕਿਸਾਨ ਜਥੇਬੰਦੀਆਂ, ਵੱਖ-ਵੱਖ ਪਾਰਟੀ ਦੇ ਆਗੂ, ਸ਼੍ਰੋਮਣੀ ਕਮੇਟੀ ਤੇ ਹਰਿਆਣਾ ਕਮੇਟੀ ਦੇ ਨੁਮਾਇੰਦੇ ਤੇ ਵੱਖ-ਵੱਖ ਸੰਪਰਦਾਵਾਂ ਦੇ ਆਗੂ ਤੁਹਾਡੇ ਨਾਲ ਪਹੁੰਚੇ ਹਨ ਜਿਸਦੇ ਆਉਣ ਵਾਲੇ ਸਮੇਂ ਵਿਚ ਚੰਗੇ ਸਿੱਟੇ ਨਿਕਲਣਗੇ।

ਉਹਨਾਂ ਕਿਹਾ ਕਿ ਇਹ ਸੰਘਰਸ਼ ਜੋ ਪਿਛਲੇ ਸਾਢੇ ਤਿੰਨ ਸਾਲਾਂ ਤੋਂ ਤੁਸੀਂ ਚਲਾ ਰਹੇ ਹੋ, ਇਸਦਾ ਅੰਜ਼ਾਮ ਨੇੜੇ ਹੈ, ਇਸ ਲਈ ਸੁਚੇਤ ਰਹਿਣ ਦੀ ਲੋੜ ਹੈ।

ਉਹਨਾਂ ਕਿਹਾ ਕਿ ਸਾਡੇ ਜਿਹੜੇ ਵੀਰਾਂ ਨੇ 30-30 ਜੇਲ੍ਹਾਂ ਕੱਟੀਆਂ, ਇਸਦੇ ਬਾਵਜੂਦ ਜੇਕਰ ਅਸੀਂ ਨਿੱਜੀ ਮੁਫਾਦਾਂ ਦੀ ਗੱਲ ਕਰਦੇ ਹਾਂ ਤਾਂ ਇਹ ਬਹੁਤ ਸ਼ਰਮ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਇਹ ਬਹੁਤ ਚੰਗੀ ਗੱਲ ਹੈ ਕਿ ਤੁਸੀਂ ਬਹੁਤ ਵਧੀਆ ਰੂਪ ਰੇਖਾ ਮਾਰਚ ਕੱਢਣ ਦੀ ਬਣਾ ਰਹੇ ਹੋ। ਉਹਨਾਂ ਕਿਹਾ ਕਿ ਇਸ ਪ੍ਰੋਗਰਾਮ ਦੀ ਰੂਪ ਰੇਖਾ ਨੂੰ ਅਸੀਂ ਦੁਨੀਆਂ ਤੱਕ ਪਹੁੰਚਾਉਣਾ ਹੈ।

ਉਹਨਾਂ ਕਿਹਾ ਕਿ ਯੂ ਪੀ, ਉੱਤਰਾਖੰਡ, ਮੱਧ ਪ੍ਰਦੇਸ਼ ਸਮੇਤ ਜਿਥੋਂ ਕਿਤੋਂ ਵੀ ਸਿੱਖ ਆ ਸਕਦੇ ਹਨ, ਇਸ ਪ੍ਰੋਗਰਾਮ ਵਿਚ ਆਉਣ ਤਾਂ ਜੋ ਅਸੀਂ ਇਹ ਸੁਨੇਹਾ ਦੇ ਸਕੀਏ ਕਿ ਸਾਡਾ ਇਕ ਨੁਕਾਤੀ ਏਜੰਡਾ ਅੱਜ ਬੰਦੀ ਸਿੰਘਾਂ ਦੀ ਰਿਹਾਈ ਹੈ।

ਉਹਨਾਂ ਕਿਹਾ ਕਿ ਗੱਲਬਾਤ ਲਈ ਜੋ ਟੀਮ ਤੁਸੀਂ ਤਿਆਰ ਕਰੋਗੇ ਸਾਡੀ ਦਿੱਲੀ ਕਮੇਟੀ ਦੀ ਜ਼ਿੰਮੇਵਾਰੀ ਜੋ ਵੀ ਲਗਾਓਗੇ ਅਸੀਂ ਪੂਰੀ ਤਰ੍ਹਾਂ ਨਿਭਾਵਾਂਗੇ ਤੇ ਸਭ ਤੋਂ ਮੂਹਰਲੀ ਕਤਾਰ ਵਿਚ ਖੜ੍ਹੇ ਹੋ ਕੇ ਕੰਮ ਕਰਾਂਗੇ। ਉਹਨਾਂ ਸੁਝਾਅ ਦਿੱਤਾ ਕਿ ਸੋਸ਼ਲ ਮੀਡੀਆ ਦਾ ਇਕ ਵਿੰਗ ਬਣਾਇਆ ਜਾਵੇ ਤੇ ਇੰਨਾ ਮਜ਼ਬੂਤ ਕੀਤਾ ਜਾਵੇ ਕਿ ਸਾਰੇ ਦੇਸ਼ ਵਿਚ ਸਾਡੀ ਆਵਾਜ਼ ਗੂੰਜ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਪੂ ਗੁਰਚਰਨ ਸਿੰਘ, ਸਰਦਾਰ ਗੁਰਦੀਪ ਸਿੰਘ ਬਠਿੰਡਾ, ਸਿੰਘ ਸਾਹਿਬ ਭਾਈ ਜਸਬੀਰ ਸਿੰਘ, ਦਿੱਲੀ ਕਮੇਟੀ ਤੋਂ ਸਹਿਯੋਗੀ ਸਾਥੀ ਮਨਜੀਤ ਸਿੰਘ ਭੋਮਾ, ਵੱਖ-ਵੱਖ ਜਥੇਬੰਦੀਆਂ ਦੇ ਆਏ ਕਿਸਾਨ ਭਰਾ ਤੇ ਕੌਮੀ ਇਨਸਾਫ ਮੋਰਚੇ ਦੇ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀਆਂ ਦੀ ਰਿਹਾਇਸ਼ ਦੇ ਘਿਰਾਓ ਲਈ ਜਾਰੀ ਪ੍ਰੋਗਰਾਮ

ਅਕਾਲੀ ਦਲ ਵਾਰਿਸ ਪੰਜਾਬ ਦੇ

| S.no | ਨਾਮ | ਜ਼ਿਲ੍ਹਾ | ਜ਼ਿੰਮੇਵਾਰ ਜ਼ਿਲ੍ਹਾ ਅਤੇ ਹਲਕਾ | ਜ਼ਿੰਮੇਵਾਰ ਸੇਵਾਦਾਰ |
|---|---|---|---|---|
| 1. | ਹਰਪਾਲ ਸਿੰਘ ਚੀਮਾਂ | ਸੰਗਰੂਰ(ਦਿੜਬਾ) | ਹਲਕਾ ਸੰਗਰੂਰ ਜ਼ਿਲ੍ਹਾ ਮਲੇਰਕੋਟਲਾ | ਸੁਖਵਿੰਦਰ ਸਿੰਘ ਸੰਗਰੂਰ, ਐਡ. ਗਗਨਦੀਪ ਸਿੰਘ ਬਲਜਿੰਦਰ ਸਿੰਘ ਲਸੋਈ |
| 2. | ਅਮਨ ਅਰੋੜਾ | ਸੰਗਰੂਰ(ਸੁਨਾਮ) | ਹਲਕਾ ਸੁਨਾਮ ਜ਼ਿਲ੍ਹਾ ਮੋਗਾ | ਅਵਤਾਰ ਸਿੰਘ ਕਾਹਨਗੜ੍ਹ ਯੂਥ ਪ੍ਰਧਾਨ ਗੁਰਕਿਰਤ ਸਿੰਘ, ਰਛਪਾਲ ਸਿੰਘ ਸੇਸਣ |
| 3. | ਬਰਿੰਦਰ ਕੁਮਾਰ ਗੋਇਲ | ਸੰਗਰੂਰ(ਲਹਿਰਾ ਗਾਗਾ) | ਹਲਕਾ ਲਹਿਰਾ ਗਾਗਾ ਜ਼ਿਲ੍ਹਾ ਮਾਨਸਾ, ਬਰਨਾਲਾ | ਬਲਜੀਤ ਸਿੰਘ, ਕੁਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਗੁਰਮੀਤ ਸਿੰਘ ਮਹਿਲ ਕਲਾਂ ਅਵਤਾਰ ਸਿੰਘ ਜਵਾਹਰਕੇ |
| 4. | ਹਰਭਜਨ ਸਿੰਘ ETO | ਅੰਮ੍ਰਿਤਸਰ(ਜੰਡਿਆਲਾ) | ਅੰਮ੍ਰਿਤਸਰ, ਤਰਨਤਾਰਨ | ਜਸਕਰਨ ਸਿੰਘ ਰਿਆੜ, ਅਮਨਦੀਪ ਸਿੰਘ, |
| 5. | ਤਰਨਪ੍ਰੀਤ ਸਿੰਘ ਸੋਂਦ | ਲੁਧਿਆਣਾ(ਖੰਨਾ) | ਹਲਕਾ ਸਮਰਾਲਾ, ਖੰਨਾ, ਪਾਇਲ, ਰਾਏਕੋਟ, ਜਗਰਾਓ | ਸੰਦੀਪ ਸਿੰਘ ਰੁਪਾਲੋ, ਜਗਰੂਪ ਸਿੰਘ ਰਾਏਕੋਟ |
| 6. | ਹਰਦੀਪ ਸਿੰਘ ਮੁੰਡੀਆ | ਲੁਧਿਆਣਾ | ਹਲਕਾ ਸਾਹਨੇਵਾਲ, ਗਿੱਲਾ, ਮੁਲਾਂਪੁਰ ਦਾਖਾ, 6 ਸ਼ਹਿਰੀ ਹਲਕੇ ਜ਼ਿਲ੍ਹਾ ਲੁਧਿਆਣਾ | ਮਨਪ੍ਰੀਤ ਸਿੰਘ ਇਆਲੀ, ਰੋਹਿਤ ਖੁਲਰ |
| 7. | ਮਹਿੰਦਰ ਸਿੰਘ ਭਗਤ | ਜਲੰਧਰ | ਜ਼ਿਲ੍ਹਾ ਜਲੰਧਰ, ਕਪੂਰਥਲਾ | ਮਹਿੰਦਰ ਸਿੰਘ ਬਾਜਵਾ, ਗੁਰਦੀਪ ਸਿੰਘ ਭੰਡਾਲ |
| 8. | ਗੁਰਮੀਤ ਸਿੰਘ ਖੁਡੀਆ | ਬਠਿੰਡਾ | ਜ਼ਿਲ੍ਹਾ ਬਠਿੰਡਾ, ਫਰੀਦਕੋਟ | ਚਮਕੋਰ ਸਿੰਘ ਬਰਾੜ, ਦਲੇਰ ਸਿੰਘ ਡੋਡ, ਨਛੱਤਰ ਸਿੰਘ |
| 9. | ਡਾ. ਰਣਜੋਤ ਸਿੰਘ | ਹੁਸਿਆਰਪੁਰ | ਜ਼ਿਲ੍ਹਾ ਹੁਸਿਆਰਪੁਰ, ਨਵਾਂ ਸ਼ਹਿਰ | ਅਵਤਾਰ ਸਿੰਘ ਸੇਖੋ, ਪ੍ਰਭਜੋਤ ਸਿੰਘ ਰਾਹੋ |
| 10. | ਡਾ. ਬਲਬੀਰ ਸਿੰਘ | ਪਟਿਆਲਾ | ਜ਼ਿਲ੍ਹਾ ਪਟਿਆਲਾ, ਫਤਹਿਗੜ੍ਹ ਸਾਹਿਬ | ਜਸਵਿੰਦਰ ਸਿੰਘ ਡਰੋਲੀ, ਲਖਬੀਰ ਸਿੰਘ ਕੋਟਲਾ |
| 11. | ਡਾ. ਬਲਜੀਤ ਕੋਰ | ਸ੍ਰੀ ਮੁਕਤਸਰ ਸਾਹਿਬ | ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਫਾਜਿਲਕਾ, ਫਿਰੋਜਪੁਰ | ਜਗਦੀਪ ਸਿੰਘ ਭੁੱਲਰ, ਤਜਿੰਦਰ ਸਿੰਘ ਢਿਲੋ, ਕ੍ਰਿਸ਼ਨ ਸਿੰਘ ਰੁਪਾਣਾ, ਪ੍ਰਤਾਪ ਸਿੰਘ |
| 12. | ਲਾਲ ਚੰਦ ਕਟਾਰੂ ਚੱਕ | ਪਠਾਨਕੋਟ | ਜ਼ਿਲ੍ਹਾ ਪਠਾਨਕੋਟ, ਗੁਰਦਾਸਪੁਰ | ਉਮਰਾਓ ਸਿੰਘ, ਸਤਿੰਦਰਜੀਤ ਸਿੰਘ, ਮਨਜਿੰਦਰ ਸਿੰਘ ਬੱਲ |
| 13. | ਹਰਜੋਤ ਸਿੰਘ ਬੈਂਸ | ਰੋਪੜ | ਜ਼ਿਲ੍ਹਾ ਰੋਪੜ, ਮੁਹਾਲੀ | ਜਗਦੀਪ ਸਿੰਘ ਕੰਸਾਲਾ, ਲਖਵਿੰਦਰ ਸਿੰਘ (ਰੱਬੀ ਕੰਦੋਲਾ), ਜਸ਼ਨਦੀਪ ਸਿੰਘ ਸੰਧੂ, ਐਡ. ਸਰਬਜੀਤ ਸਿੰਘ ਬੈਂਸ |

ਪੰਜਾਬ ਦੇ ਹੱਕਾਂ ਲਈ | ਸੱਚ ਦੀ ਆਵਾਜ਼ | ਵਾਰਿਸ ਪੰਜਾਬ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243